SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 04 | Friday, January 05, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

# 17 ਸਾਲਾ ਲੜਕੇ ਨੇ ਅੰਨ੍ਹੇਵਾਹ ਗੋਲੀਆਂ ਚਲਾ ਕੇ ਇੱਕ ਬੱਚੇ ਦੀ ਲਈ ਜਾਨ, ਪੰਜ ਹੋਰਨਾਂ ਨੂੰ ਕੀਤਾ ਜ਼ਖ਼ਮੀ

ਪੈਰੀ, ਲੋਵਾ, 4 ਜਨਵਰੀ (ਪੋਸਟ ਬਿਊਰੋ) : ਸਰਦੀਆਂ ਦੀਆਂ ਛੁੱਟੀਆਂ ਤੋਂ ਬਾਅਦ ਖੁੱਲ੍ਹੇ ਸਕੂਲਾਂ ਦੇ ਪਹਿਲੇ ਦਿਨ ਹੀ ਨਿੱਕੇ ਜਿਹੇ ਟਾਊਨ ਦੇ ਲੋਵਾ ਹਾਈ ਸਕੂਲ ਵਿੱਚ ਇੱਕ 17 ਸਾਲਾ ਲੜਕੇ ਨੇ ਅੰਨ੍ਹੇਵਾਹ ਗੋਲੀਆਂ ਚਲਾ ਕੇ ਛੇਵੀਂ ਵਿੱਚ ਪੜ੍ਹਦੇ ਇੱਕ ਬੱਚੇ ਦੀ ਜਾਨ ਲੈ ਲਈ ਤੇ ਪੰਜ ਹੋਰਨਾਂ ਨੂੰ ਜ਼ਖ਼ਮੀ ਕਰ ਦਿੱਤਾ।

ਲੋਵਾ ਦੇ ਡਵੀਜ਼ਨ ਆਫ ਕ੍ਰਿਮੀਨਲ ਇਨਵੈਸਟੀਗੇਸ਼ਨ ਅਧਿਕਾਰੀ ਨੇ ਦੱਸਿਆ ਕਿ ਮਸ਼ਕੂਕ ਲੜਕਾ, ਪੈਰੀ ਦੇ ਸਕੂਲ ਦਾ ਵਿਦਿਆਰਥੀ ਦੱਸਿਆ ਜਾਂਦਾ ਹੈ, ਤੇ ਉਸ ਨੇ ਇਸ ਘਟਨਾ ਨੂੰ ਅੰਜਾਮ ਦੇਣ ਤੋਂ ਬਾਅਦ ਖੁਦਕੁਸ਼ੀ ਕਰ ਲਈ। ਅਧਿਕਾਰੀਆਂ ਨੇ ਦੱਸਿਆ ਕਿ ਜ਼ਖ਼ਮੀਆਂ ਵਿੱਚੋਂ ਇੱਕ ਐਡਮਨਿਸਟਰੇਟਰ, ਪੈਰੀ ਹਾਈ ਸਕੂਲ ਦਾ ਪ੍ਰਿੰਸੀਪਲ ਡੈਨ ਮਾਰਬਰਗਰ, ਵੀ ਸੀ। ਅਧਿਕਾਰੀਆਂ ਨੇ ਦੱਸਿਆ ਕਿ ਮਸ਼ਕੂਕ 17 ਸਾਲਾ ਡਾਇਲਨ ਬਟਲਰ ਨੇ ਇਸ ਕਾਰੇ ਨੂੰ ਅੰਜਾਮ ਕਿਉਂ ਦਿੱਤਾ ਅਜੇ ਇਸ ਬਾਰੇ ਕੁੱਝ ਵੀ ਸਪਸ਼ਟ ਤੌਰ ਉੱਤੇ ਨਹੀਂ ਆਖਿਆ ਜਾ ਸਕਦਾ ਪਰ ਲੋਕਾਂ ਤੋਂ ਪਤਾ ਲੱਗਿਆ ਕਿ ਬਟਲਰ ਬਹੁਤ ਹੀ ਚੁੱਪ ਚੁੱਪ ਰਹਿਣ ਵਾਲਾ ਲੜਕਾ ਸੀ ਤੇ ਉਸ ਨੂੰ ਕਈ ਸਾਲਾਂ ਤੱਕ ਬੁਲੀ ਕੀਤਾ ਗਿਆ।

ਨਿਊਜ਼ ਕਾਨਫਰੰਸ ਦੌਰਾਨ ਅਧਿਕਾਰੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਇੱਕ ਮਾਮੂਲੀ ਜਿਹੀ ਧਮਾਕਾਖੇਜ਼



ਡਿਵਾਈਸ ਵੀ ਮਿਲੀ ਪਰ ਉਸ ਤੋਂ ਕਿਸੇ ਨੂੰ ਕੋਈ ਖਤਰਾ ਨਹੀਂ ਹੈ। ਅਧਿਕਾਰੀਆਂ ਨੇ ਆਖਿਆ ਕਿ ਮਸ਼ਕੂਕ ਦੇ ਇਸ ਕਾਰੇ ਨੂੰ ਅੰਜਾਮ ਦੇਣ ਦੇ ਮੰਤਵ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਇਸ ਘਟਨਾ ਦੇ ਨੇੜੇ ਤੇੜੇ ਉਸ ਵੱਲੋਂ ਸੋਸ਼ਲ ਮੀਡੀਆ ਉੱਤੇ ਪਾਈਆਂ ਗਈਆਂ ਪੋਸਟਸ ਦਾ ਨਰੀਖਣ ਵੀ ਕੀਤਾ ਜਾ ਰਿਹਾ ਹੈ।

# ਸਟੇਅਰਿੰਗ ਵ੍ਹੀਲ ਉੱਤੇ ਸੁੱਤੇ ਮਿਲੇ ਡਰਾਈਵਰ ਨੂੰ ਪੁਲਿਸ ਨੇ ਕੀਤਾ ਚਾਰਜ

ਵਾਅਨ, 4 ਜਨਵਰੀ (ਪੋਸਟ ਬਿਊਰੋ) : ਯੌਰਕ ਰੀਜਨਲ ਪੁਲਿਸ ਵੱਲੋਂ ਹਥਿਆਰਾਂ ਦੀ ਕੀਤੀ ਗਈ ਜਾਂਚ ਦੌਰਾਨ ਕਈ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਕਈਆਂ ਨੂੰ ਚਾਰਜ ਕੀਤਾ ਗਿਆ। ਇੱਕ ਮਾਮਲੇ ਵਿੱਚ ਤਾਂ ਗੱਡੀ ਚਲਾਉਂਦੇ ਸਮੇਂ ਸੌਂ ਰਹੇ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ, ਉਸ ਉੱਤੇ ਤਾਉਮਰ ਹਥਿਆਰ ਰੱਖਣ ਦੀ ਵੀ ਪਾਬੰਦੀ ਸੀ।



ਪਹਿਲੀ ਜਨਵਰੀ ਨੂੰ ਜਾਂਚਕਾਰਾਂ ਨੂੰ ਕਈ ਕਾਲਜ਼ ਮਿਲੀਆਂ ਕਿ ਜੇਨ ਸਟਰੀਟ ਉੱਤੇ ਰੁਦਰਫੋਰਡ ਰੋਡ ਉੱਤੇ ਇੱਕ ਵਿਅਕਤੀ ਖੱਬੀ ਲੇਨ ਵਿੱਚ ਵਿਹਲਾ ਬੈਠਾ ਹੈ। ਜਦੋਂ ਪੁਲਿਸ ਅਧਿਕਾਰੀ ਮੌਕੇ ਉੱਤੇ ਪਹੁੰਚੇ ਤਾਂ ਉਨ੍ਹਾਂ ਨੂੰ ਇੱਕ ਡਰਾਈਵਰ ਸਟੇਅਰਿੰਗ ਵ੍ਹੀਲ ਉੱਤੇ ਸੁੱਤਾ ਹੋਇਆ ਤੇ ਬੇਸੁੱਧ ਮਿਲਿਆ। ਜਦੋਂ ਉਹ ਵਿਅਕਤੀ ਜਾਗਿਆ ਤਾਂ ਉਸ ਨੇ ਤੇਜ਼ੀ ਨਾਲ ਗੱਡੀ ਨੂੰ ਪਝਾਉਣ ਦੀ ਕੋਸ਼ਿਸ਼ ਕੀਤੀ ਤੇ ਗੱਡੀ ਪੁਲਿਸ ਕਰੂਜ਼ਰ ਵਿੱਚ ਦੇ ਮਾਰੀ। ਪੈਸੈਂਜਰ ਸੀਟ ਉੱਤੇ ਅਧਿਕਾਰੀਆਂ ਨੂੰ ਸ਼ਰਾਬ ਦੀ ਖੁੱਲ੍ਹੀ ਹੋਈ ਬੋਤਲ ਮਿਲੀ ਤੇ ਜਦੋਂ ਡਰਾਈਵਰ ਦੀ ਤਲਾਸ਼ੀ ਲਈ ਗਈ ਤਾਂ ਉਸ ਦੀ ਡੱਬ ਵਿੱਚੋਂ ਹੈਂਡਗੰਨ ਵੀ ਮਿਲੀ। ਉਸ ਕੋਲੋਂ ਕੁੱਝ ਨਸ਼ੀਲੇ ਪਦਾਰਥ, ਜਿਨ੍ਹਾਂ ਦੇ ਫੈਂਟਾਨਿਲ ਹੋਣ ਦਾ ਸ਼ੱਕ ਹੈ, ਵੀ ਮਿਲੇ।

ਵੀਰਵਾਰ ਨੂੰ ਪੁਲਿਸ ਨੇ ਇਸ ਵਿਅਕਤੀ ਦੀ ਪਛਾਣ ਬਰੈਂਪਟਨ ਦੇ 23 ਸਾਲਾ ਕ੍ਰਿਸਚੀਅਨ ਮੈਰੀਅਸ ਕੈਮੂਕਨੀ ਵਜੋਂ ਕੀਤੀ। ਉਸ ਉੱਤੇ ਕਈ ਚਾਰਜਿਜ਼ ਵੀ ਲਾਏ ਗਏ ਹਨ ਤੇ ਪੁਲਿਸ ਨੇ ਦੱਸਿਆ ਕਿ ਗ੍ਰਿਫਤਾਰੀ ਸਮੇਂ ਮਸ਼ਕੂਕ ਉੱਤੇ ਤਾਉਮਰ ਹਥਿਆਰ ਨਾ ਰੱਖਣ ਦੀ ਰੋਕ ਵੀ ਲੱਗੀ ਹੋਈ ਸੀ।

ਇਸ ਦੌਰਾਨ ਹੀ 31 ਦਸੰਬਰ ਨੂੰ ਹਾਈਵੇਅ 7 ਉੱਤੇ ਵੈਸਟ ਅਤੇ ਬੋਅਜ਼ ਰੋਡ ਉੱਤੇ ਪੁਲਿਸ ਅਧਿਕਾਰੀਆਂ ਵੱਲੋਂ ਰਾਈਡ ਸਪੌਟ ਚੈੱਕ ਨਾਕਾ ਲਾਇਆ ਗਿਆ। ਰਾਤੀਂ 9:00 ਵਜੇ ਦੇ ਨੇੜੇ ਤੇੜੇ ਕਾਲੇ ਰੰਗ ਦੀ ਨਿਸਨ ਵਿੱਚ ਸਵਾਰ ਦੋ ਲੜਕੇ ਤੇ ਇੱਕ ਲੜਕੀ ਇਸ ਚੈੱਕ ਨਾਕੇ ਕੋਲ ਪਹੁੰਚੇ ਤੇ ਪੁਲਿਸ ਅਧਿਕਾਰੀਆਂ ਨੂੰ ਮੈਰੀਯੁਆਨਾ ਦੀ ਜ਼ਬਰਦਸਤ ਬਦਬੂ ਗੱਡੀ ਵਿੱਚੋਂ ਆਈ। ਗੱਡੀ ਦੀ ਤਲਾਸ਼ੀ ਦੌਰਾਨ ਪੁਲਿਸ ਨੂੰ ਕਈ ਨਿੱਕੇ ਬੈਗਜ਼ ਵਿੱਚ ਮੈਰੀਯੁਆਨਾ, ਇੱਕ ਸਕੇਲ ਤੇ ਕਾਲੇ ਰੰਗ ਦਾ ਪਾਊਚ ਮਿਲਿਆ, ਜਿਸ ਵਿੱਚ ਹੈਂਡਗੰਨ ਸੀ।

ਪੁਲਿਸ ਨੇ ਦੱਸਿਆ ਕਿ ਹੈਂਡਗੰਨ ਭਰੀ ਹੋਈ ਸੀ। ਉਸ ਵਿੱਚ 10 ਰੌਂਦ ਸਨ ਤੇ .22 ਬ੍ਰੋਰ ਦੇ ਕਈ ਰੌਂਦ ਬੈਗ ਵਿੱਚ ਖੁੱਲ੍ਹੇ ਵੀ ਪਏ ਸਨ। ਹਥਿਆਰ 3-ਡੀ ਪ੍ਰਿੰਟਿਡ ਗੋਸਟ ਗੰਨ ਸੀ। ਇਸ ਦੌਰਾਨ ਤਿੰਨ ਵਿਅਕਤੀਆਂ ਨੂੰ ਚਾਰਜ ਕੀਤਾ ਗਿਆ ਹੈ, ਜਿਨ੍ਹਾਂ ਵਿੱਚ 20 ਸਾਲਾ ਫਿਲੀਸ਼ਾ ਫਰੈਂਕਲਿਨ, 19 ਸਾਲਾ ਇਸਾਕ ਲੈਂਬਫਲ ਸੋਲੋਮਨ ਸਕੌਟ ਤੇ 20 ਸਾਲਾ ਐਨਵਰਨੀ ਮੈਨੂਅਲ ਵੈਂਚੁਰਾ ਰੇਏਸ ਸ਼ਾਮਲ ਹਨ। ਇਹ ਸਾਰੇ ਹੀ ਹੈਮਿਲਟਨ ਤੋਂ ਸਨ।

# ਮਿਸੀਸਾਗਾ ਵਿੱਚ ਚੱਲੀ ਗੋਲੀ, ਇੱਕ ਗੰਭੀਰ ਜ਼ਖ਼ਮੀ



ਮਿਸੀਸਾਗਾ, 4 ਜਨਵਰੀ (ਪੋਸਟ ਬਿਊਰੋ): ਬੁੱਧਵਾਰ ਰਾਤ ਨੂੰ ਮਿਸੀਸਾਗਾ ਵਿੱਚ ਚੱਲੀ ਗੋਲੀ ਕਾਰਨ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਉਸ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਹ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਿਹਾ ਹੈ।

ਪੁਲਿਸ ਅਧਿਕਾਰੀਆਂ ਨੂੰ ਸੂਟਿੰਗ ਦੀ ਜਾਣਕਾਰੀ ਦੇ ਕੇ ਸ਼ਾਮੀਂ 5:00 ਵਜੇ ਦੇ ਨੇੜੇ ਤੇੜੇ ਮੀਡੋਵਾਲ ਟਾਊਨ ਸੈਂਟਰ ਨੇੜੇ ਬੈਟਲਫੋਰਡ ਰੋਡ ਤੇ ਗਲੈਨ ਐਰਿਨ ਡਰਾਈਵ ਇਲਾਕੇ ਵਿੱਚ ਸੱਦਿਆ ਗਿਆ। ਇੱਕ ਵਿਅਕਤੀ ਨੂੰ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।

ਸ਼ਾਮ ਸਮੇਂ ਇਲਾਕੇ ਵਿੱਚ ਪੁਲਿਸ ਦੀ ਭਾਰੀ ਮੌਜੂਦਗੀ ਸੀ ਤੇ ਪੁਲਿਸ ਵੱਲੋਂ ਲੋਕਾਂ ਨੂੰ ਇਸ ਇਲਾਕੇ ਵਿੱਚ ਨਾ ਜਾਣ ਦੀ ਸਲਾਹ ਦਿੱਤੀ ਜਾ ਰਹੀ ਸੀ। ਅਜੇ ਤੱਕ ਕਿਸੇ ਮਸ਼ਕੂਕ ਸਬੰਧੀ ਕੋਈ ਜਾਣਕਾਰੀ ਹਾਸਲ ਨਹੀਂ ਹੋਈ ਹੈ।

# ਕਰੋੜਾਂ ਡਾਲਰ ਦੀ ਫਰਜ਼ੀ ਸਕੀਮ ਚਲਾਉਣ ਵਾਲੇ ਭਾਰਤੀ ਮੂਲ ਦੇ ਬਿਲਡਰ ਖਿਲਾਫ ਮਾਮਲਾ ਦਰਜ

ਫਲੋਰੀਡਾ, 4 ਜਨਵਰੀ (ਪੋਸਟ ਬਿਊਰੋ): ਅਮਰੀਕਾ 'ਚ ਭਾਰਤੀ ਮੂਲ ਦੇ ਰੀਅਲ ਅਸਟੇਟ ਡਿਵੈਲਪਰ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ। ਬਿਲਡਰ 'ਤੇ ਨਿਵੇਸ਼ਕਾਂ ਨੂੰ ਫਰਜ਼ੀ ਨਿਵੇਸ਼ ਸਕੀਮ ਦਾ ਲਾਲਚ ਦੇ ਕੇ ਲਗਭਗ 95 ਮਿਲੀਅਨ ਡਾਲਰ ਦੀ ਧੋਖਾਧੜੀ ਕਰਨ ਦਾ ਦੋਸ਼ ਹੈ। ਮੁਲਜ਼ਮ ਦੀ ਪਛਾਣ ਰਿਸ਼ੀ ਕਪੂਰ ਵਜੋਂ ਹੋਈ ਹੈ, ਜੋ ਮਿਆਮੀ ਸਥਿਤ ਰੀਅਲ ਅਸਟੇਟ ਡਿਵੈਲਪਰ ਹੈ। ਅਮਰੀਕਾ ਦੇ ਸਕਿਉਰਿਟੀਜ਼ ਐਂਡ ਐਕਸਚੇਂਜ ਕਮਿਸ਼ਨ ਨੇ ਮੁਲਜ਼ਮ ਬਿਲਡਰ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

ਸਕਿਉਰਿਟੀਜ਼ ਐਂਡ ਐਕਸਚੇਂਜ ਕਮਿਸ਼ਨ ਨੇ ਰੀਅਲ ਅਸਟੇਟ ਡਿਵੈਲਪਰ ਦੀਆਂ ਕਈ ਜਾਇਦਾਦਾਂ ਜ਼ਬਤ ਕੀਤੀਆਂ ਹਨ। ਬਿਲਡਰ 'ਤੇ 95 ਮਿਲੀਅਨ ਡਾਲਰ ਦੀ ਧੋਖਾਧੜੀ ਦੀ ਸਾਜ਼ਿਸ਼ ਰਚਣ ਦਾ ਦੋਸ਼ ਹੈ। ਰਿਸ਼ੀ ਕਪੂਰ ਦੀ ਮਲਕੀਅਤ ਵਾਲੀ ਰੀਅਲ ਅਸਟੇਟ ਕੰਪਨੀ ਲੋਕੇਸ਼ਨ ਵੈਂਚਰਸ ਤੋਂ ਇਲਾਵਾ ਇਸ ਦੇ ਸਹਿਯੋਗੀ ਆਰਬਿਨ ਅਤੇ 20 ਹੋਰ ਸਬੰਧਤ ਇਕਾਈਆਂ ਦੇ ਖਿਲਾਫ ਵੀ ਮਾਮਲਾ ਦਰਜ ਕੀਤਾ ਗਿਆ ਹੈ। ਸ਼ਿਕਾਇਤ ਦੇ




ਅਨੁਸਾਰ, ਜਨਵਰੀ 2018 ਤੋਂ ਮਾਰਚ 2023 ਤੱਕ, ਕਪੂਰ ਅਤੇ ਹੋਰ ਮੁਲਜ਼ਮਾਂ ਨੇ ਆਪਣੀਆਂ ਕੰਪਨੀਆਂ ਅਤੇ ਪ੍ਰੋਜੈਕਟਾਂ ਬਾਰੇ ਅਤਿਕਥਨੀ ਵਾਲੇ ਦਾਅਵੇ ਕੀਤੇ ਤਾਂ ਜੋ ਲੋਕ ਉਨ੍ਹਾਂ ਦੇ ਪ੍ਰੋਜੈਕਟਾਂ ਵਿੱਚ ਨਿਵੇਸ਼ ਕਰਨ। ਦੋਸ਼ ਹੈ ਕਿ ਨਿਵੇਸ਼ਕਾਂ ਦੇ ਪੈਸਿਆਂ ਨਾਲ ਮੁਲਜ਼ਮ ਰਿਸ਼ੀ ਕਪੂਰ ਨੇ 5 ਮਿਲੀਅਨ ਡਾਲਰ ਦੀ ਇਕ ਲਗਜ਼ਰੀ ਯਾਟ ਅਤੇ ਇਕ ਲਗਜ਼ਰੀ ਸਪੋਰਟਸ ਕਾਰ ਵੀ ਆਪਣੇ ਲਈ ਲੀਜ਼ 'ਤੇ ਲਈ ਸੀ।

ਦੋਸ਼ ਹੈ ਕਿ 50 ਨਿਵੇਸ਼ਕਾਂ ਨਾਲ ਧੋਖਾ ਕੀਤਾ ਗਿਆ ਹੈ। ਕਪੂਰ ਅਤੇ ਹੋਰਾਂ 'ਤੇ ਅਮਰੀਕੀ ਸਕਿਉਰਿਟੀ ਐਕਟ 1934 ਅਤੇ 1933 ਦੇ ਤਹਿਤ ਦੋਸ਼ ਲਗਾਏ ਗਏ ਹਨ। ਇਸ ਮਾਮਲੇ ਦੀ ਸੁਣਵਾਈ ਫਲੋਰੀਡਾ ਦੀ ਜ਼ਿਲ੍ਹਾ ਅਦਾਲਤ ਵਿੱਚ ਹੋਵੇਗੀ।

# ਬੱਸ ਤੇ ਟਰੱਕ ਦੀ ਟੱਕਰ ਤੋਂ ਬਾਅਦ ਦੋ ਵਰਕਰਜ਼ ਨੂੰ ਬਚਾਇਆ ਗਿਆ

ਇਟੋਬੀਕੋ, 4 ਜਨਵਰੀ (ਪੋਸਟ ਬਿਊਰੋ) : ਇਟੋਬੀਕੋ ਵਿੱਚ ਟੀਟੀਸੀ ਬੱਸ ਤੇ ਟਰੱਕ ਦੀ ਟੱਕਰ ਤੋਂ ਬਾਅਦ ਫਾਇਰ ਕ੍ਰਿਊ ਵੱਲੋਂ ਦੋ ਵਿਅਕਤੀਆਂ ਨੂੰ ਬਚਾਇਆ ਗਿਆ। ਇਹ ਦੋਵੇਂ ਬੂਮ ਟਰੱਕ ਦੀ ਬਕੇਟ ਵਿੱਚ ਫਸੇ ਹੋਏ ਮਿਲੇ।

ਵੀਰਵਾਰ ਨੂੰ ਦੁਪਹਿਰੇ 2:30 ਵਜੇ ਤੋਂ ਪਹਿਲਾਂ ਐਮਰਜੰਸੀ ਅਮਲੇ ਨੂੰ ਕਿੰਗਸਵੇਅ ਨੇੜੇ ਡੰਡਾਸ ਸਟਰੀਟ ਵੈਸਟ ਤੇ ਓਲਡ ਡੰਡਾਸ ਸਟਰੀਟ ਇਲਾਕੇ ਵਿੱਚ ਸੱਦਿਆ ਗਿਆ। ਅਧਿਕਾਰੀਆਂ ਨੇ ਦੱਸਿਆ ਕਿ ਬੱਸ ਟਰੱਕ ਦੀ ਬਕੇਟ ਨਾਲ ਟਕਰਾ ਗਈ ਤੇ ਜਿਸ ਕਾਰਨ ਦੋ ਵਰਕਰਜ਼ ਟਰੱਕ ਦੀ ਬਕੇਟ ਵਿੱਚ ਫਸ ਗਏ।



ਫਾਇਰ ਕ੍ਰਿਊ ਵੱਲੋਂ ਦੋਵਾਂ ਵਿਅਕਤੀਆਂ ਨੂੰ ਬਚਾਅ ਲਿਆ ਗਿਆ। ਜਦੋਂ ਤੱਕ ਫਾਇਰ ਅਮਲਾ ਪਹੁੰਚਿਆ ਦੋਵੇਂ ਵਿਅਕਤੀ ਸਾਹ ਲੈ ਰਹੇ ਸਨ ਤੇ ਹੋਸ਼ੋਹਵਾਸ ਵਿੱਚ ਸਨ। ਲੇਬਰ ਮੰਤਰਾਲੇ ਨੂੰ ਇਸ ਬਾਰੇ ਜਾਣਕਾਰੀ ਦੇ ਦਿੱਤੀ ਗਈ ਹੈ।

# ਇਟੋਬੀਕੋ ਵਿੱਚ ਚੱਲੀ ਗੋਲੀ, ਇੱਕ ਜ਼ਖ਼ਮੀ

ਇਟੋਬੀਕੋ, 4 ਜਨਵਰੀ (ਪੋਸਟ ਬਿਊਰੋ) : ਬੁੱਧਵਾਰ ਸ਼ਾਮ ਨੂੰ ਇਟੋਬੀਕੋ ਵਿੱਚ ਵਾਪਰੇ ਗੋਲੀਕਾਂਡ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਸ਼ਾਮੀਂ 6:30 ਵਜੇ ਦੇ ਨੇੜੇ ਤੇੜੇ ਟੋਰਾਂਟੋ ਪੁਲਿਸ ਨੂੰ ਇਸਲਿੰਗਟਨ ਐਵਨਿਊ ਤੇ ਬਰਜਾਮੌਂਟ ਰੋਡ ਇਲਾਕੇ ਵਿੱਚ ਗੋਲੀਆਂ ਚੱਲਣ ਦੀ ਰਿਪੋਰਟ ਦੇ ਕੇ ਸੱਦਿਆ ਗਿਆ। ਮੌਕੇ ਉੱਤੇ ਪੁਲਿਸ ਨੂੰ ਇੱਕ ਵਿਅਕਤੀ ਮਿਲਿਆ, ਜਿਹੜਾ ਗੋਲੀ ਲੱਗਣ ਕਾਰਨ ਜ਼ਖ਼ਮੀ ਸੀ। ਉਸ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਗਈ।

ਪੁਲਿਸ ਨੇ ਦੱਸਿਆ ਕਿ ਮਸ਼ਕੂਕ ਨੂੰ ਕਾਲੇ ਰੰਗ ਦੀ ਐਸਯੂਵੀ ਵਿੱਚ ਭੱਜਦਿਆਂ ਵੇਖਿਆ ਗਿਆ। ਅਜੇ ਇਸ ਸਬੰਧ ਵਿੱਚ ਹੋਰ ਵੇਰਵੇ ਹਾਸਲ ਨਹੀਂ ਹੋਏ ਹਨ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

MagGas Medical Brampton
MGM MAGGAS MEDICAL INC. Helping you breathe deep and rest easy.
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਮੁਫਤ ਪਿਕਅਪ ਅਤੇ ਡਰਾਪ ਆਫ਼
ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
ਵਾਜਿਬ ਕੀਮਤ
ਫਰੀ ਪਿਕਅਪ
Best Rates For Lessons
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc. Residential, Commercial www.ksgpestcontrol.ca ksgpestcontrol@gmail.com
Amarjeet Singh Gill

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Brokerage Lic. 12538
Harpreet Singh Goraya Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law • Business Law
Wills & Estates • Family Law
Power of Attorney • Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਕਹਿੰਦੀ ਕਾਂਗਰਸ ਪੰਜਾਬ ਦੀ ਸਾਫ ਸਿੱਧਾ,
ਪਾਰਟੀ ਆਪ ਨਾਲ ਯਾਰੀ ਨਾ ਪਾਵਣੀ ਜੀ।
ਜਿਹੋ ਜਿਹਾ ਦੋਵਾਂ ਦਾ ਭਾਰਾ ਵਿਰੋਧ ਪਹਿਲਾਂ,
ਪਾਈ ਜਦ ਸਾਂਝ ਨਿਭਾਈ ਨਹੀਂ ਜਾਵਣੀ ਜੀ।
ਪਹਿਲਾਂ ਭੰਡ ਕੇ ਸਾਂਝ ਇਹ ਪਾਈ ਜੇਕਰ,
ਔਖੀ ਬੜੀ ਆ ਜਾਇਜ਼ ਠਹਿਰਾਵਣੀ ਜੀ।
ਓਧਰ ਆਗੂ ਹਨ ਆਖ ਰਹੇ ਭਾਜਪਾਈਏ,
ਲਾਗੇ ਪਾਰਟੀ ਅਕਾਲੀ ਨਹੀਂ ਲਾਵਣੀ ਜੀ।
ਪਾਰਟੀ ਆਪ ਨਹੀਂ ਖੁਸ਼ ਜਿਹੀ ਕਾਂਗਰਸ ਤੋਂ,
ਦੁਵੱਲੀ ਤਾਅਨਿਆਂ ਦੀ ਚੱਲਦੀ ਮਾਰ ਮੀਆਂ।
ਜੁੜਦੀ ਕਿਸੇ ਨਾਲ ਕਿਸੇ ਦੀ ਤੰਦ ਕੋਈ ਨਾ,
ਹਰ ਕੋਈ ਜਾਪ ਰਿਹਾ ਹੈ ਅਵਾਜ਼ਾਰ ਮੀਆਂ।

**ਤੀਸ ਮਾਰ ਖਾਂ**

# ਅਮਰੀਕਾ 'ਚ ਘਰ ਨੂੰ ਲੱਗੀ ਅੱਗ, 4 ਬੱਚੇ ਜ਼ਿੰਦਾ ਸੜੇ, 19 ਸਾਲਾ ਲੜਕੀ ਦੂਜੀ ਮੰਜ਼ਿਲ ਤੋਂ ਕੁੱਦੀ

ਕਨੈਕਟੀਕਟ, 4 ਜਨਵਰੀ (ਪੋਸਟ ਬਿਊਰੋ): ਅਮਰੀਕਾ ਵਿੱਚ ਇੱਕ ਦਿਲ ਦਹਿਲਾ ਦੇਣ ਵਾਲੀ ਅੱਗ ਦੀ ਘਟਨਾ ਵਿੱਚ 4 ਬੱਚੇ ਸੜ ਕੇ ਮਰ ਗਏ ਹਨ। ਦੱਸਿਆ ਜਾ ਰਿਹਾ ਹੈ ਕਿ ਮੰਗਲਵਾਰ ਰਾਤ ਅਮਰੀਕਾ ਦੇ ਉੱਤਰੀ ਕਨੈਕਟੀਕਟ 'ਚ ਇਕ ਘਰ 'ਚ ਅੱਗ ਲੱਗਣ ਕਾਰਨ ਇਹ ਹਾਦਸਾ ਵਾਪਰਿਆ। ਇਸ ਦੌਰਾਨ ਘਰ ਦੇ ਚਾਰ ਬੱਚਿਆਂ ਦੀ ਝੁਲਸਣ ਕਾਰਨ ਮੌਤ ਹੋ ਗਈ। ਉਨ੍ਹਾਂ ਦੀ 19 ਸਾਲਾ ਭੈਣ ਨੇ ਆਪਣੀ ਜਾਨ ਬਚਾਉਣ ਲਈ ਦੂਜੀ ਮੰਜ਼ਿਲ ਦੀ ਖਿੜਕੀ ਤੋਂ ਹੇਠਾਂ ਛਾਲ ਮਾਰ ਦਿੱਤੀ। ਬਚਾਅ ਕਾਰਜ ਲਈ ਫਾਇਰਫਾਈਟਰਜ਼ ਨੂੰ ਕਾਫੀ ਮੁਸ਼ੱਕਤ ਕਰਨੀ ਪਈ।

ਸਥਾਨਕ ਫਾਇਰ ਅਧਿਕਾਰੀ ਜੌਹਨ ਰੋਸ਼ੇ ਨੇ ਦੱਸਿਆ ਕਿ ਰਾਤ ਕਰੀਬ 10:30 ਵਜੇ ਅੱਗ ਲੱਗਣ ਦੀ ਸੂਚਨਾ ਮਿਲੀ ਅਤੇ ਅੱਗ ਬੁਝਾਊ ਅਮਲੇ ਪੰਜ ਮਿੰਟਾਂ ਵਿੱਚ ਮੌਕੇ 'ਤੇ ਪਹੁੰਚ ਗਏ। ਫਾਇਰਫਾਈਟਰਜ਼ ਅਤੇ ਸਥਾਨਕ ਅਧਿਕਾਰੀਆਂ ਨੇ ਦੱਸਿਆ ਕਿ ਸੋਮਰਸ ਸ਼ਹਿਰ ਵਿੱਚ ਵਾਪਰੀ ਇਸ ਘਟਨਾ ਵਿੱਚ ਮਰਨ ਵਾਲੇ ਬੱਚਿਆਂ ਦੀ ਉਮਰ ਪੰਜ ਤੋਂ 12 ਸਾਲ ਦੇ ਵਿਚਕਾਰ ਸੀ ਅਤੇ ਉਹ ਆਪਣੀ ਮਾਂ ਅਤੇ ਤਿੰਨ ਹੋਰ ਭੈਣਾਂ-ਭਰਾਵਾਂ ਨਾਲ ਸਾਂਝੇ ਘਰ ਵਿੱਚ ਰਹਿੰਦੇ ਸਨ। ਟਾਊਨ ਫਸਟ ਸਿਲੈਕਟਮੈਨ ਟਿਮ ਕੀਨੀ ਨੇ ਕਿਹਾ ਕਿ ਘਟਨਾ ਦੇ ਸਮੇਂ ਬੱਚਿਆਂ ਦੀ ਮਾਂ ਘਰ ਨਹੀਂ ਸੀ ਅਤੇ ਉਸਦੀ 19 ਸਾਲਾ ਧੀ, ਜੋ ਉਸਦੀ



ਦੇਖਭਾਲ ਕਰ ਰਹੀ ਸੀ, ਨੇ ਆਪਣੀ ਜਾਨ ਬਚਾਉਣ ਲਈ ਦੂਜੀ ਮੰਜ਼ਿਲ ਦੀ ਖਿੜਕੀ ਤੋਂ ਛਾਲ ਮਾਰ ਦਿੱਤੀ। ਹਾਲਾਂਕਿ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ। ਰਾਜ ਅਤੇ ਸਥਾਨਕ ਅਧਿਕਾਰੀ ਮਾਮਲੇ ਦੀ ਜਾਂਚ ਕਰ ਰਹੇ ਹਨ।

ਪੁਲਿਸ ਅਧਿਕਾਰੀ ਪੇਡਰੋ ਮੁਨੀਜ਼ ਨੇ ਕਿਹਾ ਕਿ ਅਜਿਹਾ ਨਹੀਂ ਲੱਗਦਾ ਕਿ ਅੱਗ ਕਿਸੇ ਅਪਰਾਧਿਕ ਸਾਜ਼ਿਸ਼ ਦੇ ਹਿੱਸੇ ਵਜੋਂ ਲਗਾਈ ਗਈ ਸੀ। ਰੋਸ਼ੇ ਨੇ ਦੱਸਿਆ ਕਿ ਇਸ ਘਟਨਾ ਵਿੱਚ ਘਰ ਦੇ ਕੁਝ ਪਾਲਤੂ ਜਾਨਵਰਾਂ ਦੀ ਵੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ 19 ਸਾਲਾ ਲੜਕੀ ਅਤੇ ਉਸ ਦੇ ਦੋ ਭੈਣ-ਭਰਾ ਸਹੀ ਸਲਾਮਤ ਬਚ ਨਿਕਲੇ ਹਨ, ਜਿਨ੍ਹਾਂ ਵਿੱਚੋਂ ਇੱਕ ਨੂੰ ਗੰਭੀਰ ਸੱਟਾਂ ਲੱਗੀਆਂ ਹਨ, ਜਦੋਂ ਕਿ ਦੋ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ। ਅਧਿਕਾਰੀਆਂ ਨੇ ਦੱਸਿਆ ਕਿ ਇੱਕ ਫਾਇਰ ਫਾਈਟਰ ਨੂੰ ਵੀ ਸੱਟ ਲੱਗੀ ਹੈ ਅਤੇ ਉਸ ਨੂੰ ਇਲਾਜ ਤੋਂ ਬਾਅਦ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ ਹੈ। ਘਰ ਦੇ ਦੂਜੇ ਹਿੱਸਿਆਂ ਵਿੱਚ ਰਹਿਣ ਵਾਲੇ ਲੋਕ ਸੁਰੱਖਿਅਤ ਹਨ। ਚੀਫ ਮੈਡੀਕਲ ਐਗਜ਼ਾਮੀਨਰ ਜੇਮਸ ਗਿੱਲ ਨੇ ਦੱਸਿਆ ਕਿ ਬੱਚਿਆਂ ਦੀ ਮੌਤ ਸੜਨ ਜਾਂ ਦਮ ਘੁੱਟਣ ਨਾਲ ਹੋਈ ਹੈ। ਉਸ ਨੇ ਫਿਲਹਾਲ ਮ੍ਰਿਤਕਾਂ ਦੇ ਨਾਂ ਨਹੀਂ ਦੱਸੇ।

# ਝਾਰਖੰਡ ਮਾਈਨਿੰਗ ਮਾਮਲੇ ਵਿਚ ਈਡੀ ਵਲੋਂ 4 ਰਾਜਾਂ ਵਿਚ 12 ਥਾਵੀਂ ਛਾਪੇਮਾਰੀ

ਨਵੀਂ ਦਿੱਲੀ, 4 ਜਨਵਰੀ (ਪੋਸਟ ਬਿਊਰੋ): ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਮਨੀ ਲਾਂਡਰਿੰਗ ਦੇ ਦੋਸ਼ਾਂ ਤਹਿਤ ਝਾਰਖੰਡ, ਪੱਛਮੀ ਬੰਗਾਲ, ਰਾਜਸਥਾਨ ਅਤੇ ਬਿਹਾਰ ਵਿੱਚ 12 ਥਾਵਾਂ 'ਤੇ ਛਾਪੇਮਾਰੀ ਕੀਤੀ। ਅਭਿਸ਼ੇਕ ਪ੍ਰਸਾਦ 'ਪਿੰਟੂ' (ਝਾਰਖੰਡ ਦੇ ਮੁੱਖ ਮੰਤਰੀ ਦੇ ਪ੍ਰੈਸ ਸਲਾਹਕਾਰ), ਰਾਮ ਨਿਵਾਸ ਯਾਦਵ (ਸਾਹਿਬਗੰਜ ਜ਼ਿਲ੍ਹੇ ਦੇ ਡੀਸੀ) ਅਤੇ ਰਾਜੇਂਦਰ ਦੂਬੇ (ਸਾਹਿਬਗੰਜ ਦੇ ਡੀਐਸਪੀ) ਦੇ ਘਰਾਂ 'ਤੇ ਵੀ ਛਾਪੇ ਮਾਰੇ ਗਏ ਹਨ। ਇਹ ਕਾਰਵਾਈ ਸਾਹਿਬਗੰਜ, ਝਾਰਖੰਡ ਵਿਚ ਪੱਥਰ ਦੀ ਗੈਰ-ਕਾਨੂੰਨੀ ਮਾਈਨਿੰਗ ਦੇ ਇੱਕ ਮਾਮਲੇ ਨਾਲ ਸਬੰਧਤ ਹੈ, ਜਿਸ ਵਿੱਚ 1000 ਕਰੋੜ ਰੁਪਏ ਤੋਂ ਵੱਧ ਦੇ ਅਪਰਾਧ ਦੀ ਕਮਾਈ ਸ਼ਾਮਲ ਹੈ।




ਈਡੀ ਨੇ ਗੈਰ-ਕਾਨੂੰਨੀ ਪੱਥਰ ਦੀ ਖੁਦਾਈ ਦੇ ਸਬੰਧ ਵਿਚ ਆਈਪੀਸੀ ਦੀਆਂ ਵੱਖ-ਵੱਖ ਧਾਰਾਵਾਂ, ਆਰਮਜ਼ ਐਕਟ ਅਤੇ ਜੇਐਮਐਮਸੀ ਨਿਯਮ, 2004 ਦੇ ਤਹਿਤ ਬਿਸ਼ਨੂ ਯਾਦਵ, ਪਵਿੱਤਰ ਯਾਦਵ, ਪੰਕਜ ਮਿਸ਼ਰਾ ਅਤੇ ਹੋਰਾਂ ਦੇ ਖਿਲਾਫ ਐਸਸੀ/ਐਸਟੀ ਪੁਲਿਸ ਸਟੇਸ਼ਨ, ਸਾਹਿਬਗੰਜ ਵਿਚ ਦਰਜ ਐਫਆਈਆਰ ਦੇ ਆਧਾਰ 'ਤੇ ਜਾਂਚ ਸ਼ੁਰੂ ਕੀਤੀ। ਬਾਅਦ 'ਚ ਝਾਰਖੰਡ ਹਾਈ ਕੋਰਟ ਦੇ ਹੁਕਮਾਂ 'ਤੇ ਸੀਬੀਆਈ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਸੀ। ਈਡੀ ਦੀ ਜਾਂਚ 'ਚ ਸਾਹਮਣੇ ਆਇਆ ਕਿ ਸਾਹਿਬਗੰਜ ਇਲਾਕੇ 'ਚ ਵੱਡੇ ਪੱਧਰ 'ਤੇ ਨਾਜਾਇਜ਼ ਮਾਈਨਿੰਗ ਦਾ ਕੰਮ ਚੱਲ ਰਿਹਾ ਹੈ। ਇਹ ਪਤਾ ਲਗਾਉਣ ਲਈ ਕਿ ਕਿਸ ਪੈਮਾਨੇ 'ਤੇ ਗੈਰ-ਕਾਨੂੰਨੀ ਮਾਈਨਿੰਗ ਹੋਈ ਹੈ, ਸਾਹਿਬਗੰਜ ਜ਼ਿਲ੍ਹੇ ਦੇ ਕਈ ਖੇਤਰਾਂ ਦਾ ਝਾਰਖੰਡ ਦੇ ਪ੍ਰਸ਼ਾਸਨਿਕ, ਜੰਗਲਾਤ, ਮਾਈਨਿੰਗ, ਪ੍ਰਦੂਸ਼ਣ ਕੰਟਰੋਲ ਅਧਿਕਾਰੀਆਂ ਦੇ ਨਾਲ ਈਡੀ ਅਧਿਕਾਰੀਆਂ ਨੇ ਦੌਰਾ ਕੀਤਾ। ਜਾਂਚ ਦੌਰਾਨ 23.26 ਕਰੋੜ ਘਣ ਫੁੱਟ ਤੋਂ ਵੱਧ ਦੀ ਗੈਰ-ਕਾਨੂੰਨੀ ਮਾਈਨਿੰਗ ਪਾਈ ਗਈ, ਜਿਸ ਦੀ ਅੰਦਾਜ਼ਨ ਬਾਜ਼ਾਰੀ ਕੀਮਤ 1250 ਕਰੋੜ ਰੁਪਏ ਦੇ ਕਰੀਬ ਹੈ। ਈਡੀ ਦੀ ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਗੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਦਾ ਸਰਗਨਾ ਪੰਕਜ ਮਿਸ਼ਰਾ ਸੀ, ਜਿਸ ਨੂੰ ਈਡੀ ਨੇ 19 ਜੁਲਾਈ, 2022 ਨੂੰ ਗ੍ਰਿਫਤਾਰ ਕੀਤਾ ਸੀ ਅਤੇ ਫਿਲਹਾਲ ਉਹ ਨਿਆਂਇਕ ਹਿਰਾਸਤ ਵਿੱਚ ਹੈ। ਛਾਪੇਮਾਰੀ ਦੌਰਾਨ ਕਈ ਇਤਰਾਜ਼ਯੋਗ ਡਿਜੀਟਲ ਯੰਤਰ, ਦਸਤਾਵੇਜ਼, ਰਿਕਾਰਡ ਅਤੇ 36.99 ਲੱਖ ਰੁਪਏ ਦੀ ਨਕਦੀ ਬਰਾਮਦ ਹੋਈ।

# ਚੋਰਾਂ ਨੂੰ ਨੌਕਰੀਆਂ ਦੇਣ ਵਾਲੇ ਗਿਰੋਹ ਦਾ ਪਰਦਾਫਾਸ਼, 15 ਹਜਾਰ ਤਨਖਾਹ ਦਿੰਦਾ ਸੀ ਮੋਬਾਈਲ ਚੋਰੀ ਗਿਰੋਹ

ਭੁਵਨੇਸ਼ਵਰ, 4 ਜਨਵਰੀ (ਪੋਸਟ ਬਿਊਰੋ): ਕੀ ਤੁਸੀਂ ਕਦੇ ਸੁਣਿਆ ਹੈ ਕਿ ਚੋਰਾਂ ਨੂੰ ਭਾੜੇ 'ਤੇ ਲਿਆ ਜਾ ਰਿਹਾ ਹੈ? ਚੋਰਾਂ ਨੂੰ ਮਹੀਨਾਵਾਰ ਤਨਖਾਹ ਦਿੱਤੀ ਜਾਂਦੀ ਹੋਵੇ। ਪਰ ਅਜਿਹਾ ਹੀ ਇੱਕ ਮਾਮਲਾ ਉੜੀਸਾ ਵਿੱਚ ਸਾਹਮਣੇ ਆਇਆ ਹੈ। ਹਾਲਾਂਕਿ ਹੁਣ ਇਸ ਗਿਰੋਹ ਨੂੰ ਪੁਲਿਸ ਨੇ ਫੜ੍ਹ ਲਿਆ ਹੈ। ਉੜੀਸਾ ਪੁਲਿਸ ਨੇ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਭੁਵਨੇਸ਼ਵਰ ਪੁਲਿਸ ਦੇ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਗਿਰੋਹ ਦੇ ਅੱਠ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਇੱਕ ਅੰਤਰਰਾਜੀ ਸੰਗਠਨ ਸੀ, ਜੋ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਸਰਗਰਮ ਸੀ। ਮੋਬਾਈਲ ਚੋਰੀ ਕਰਨ ਦੇ ਨਾਲ-ਨਾਲ ਇਹ ਗਰੋਹ ਖਾਤੇ ਵਿੱਚੋਂ ਪੈਸੇ ਵੀ ਕਢਵਾ



ਲੈਂਦਾ ਸੀ।

ਭੁਵਨੇਸ਼ਵਰ ਦੇ ਪੁਲਿਸ ਕਮਿਸ਼ਨਰ ਪ੍ਰਤੀਕ ਸਿੰਘ ਨੇ ਦੱਸਿਆ ਕਿ ਇਹ ਗਿਰੋਹ ਬਹੁਤ ਪੇਸ਼ੇਵਰ ਤਰੀਕੇ ਨਾਲ ਚੋਰੀਆਂ ਕਰਦਾ ਸੀ। ਇਸ ਦਾ ਨਾਂ ਪਹਾੜੀ ਗੈਂਗ ਹੈ। ਇਨ੍ਹਾਂ ਲੋਕਾਂ ਨੇ ਪੇਸ਼ਾਵਰ ਚੋਰਾਂ ਨੂੰ ਨੌਕਰੀ ਦੇ ਕੇ ਆਪਣਾ ਮੁਲਾਜ਼ਮ ਬਣਾ ਲਿਆ। ਜਿਨ੍ਹਾਂ ਨੂੰ ਕੰਮ ਦੇ ਹਿਸਾਬ ਨਾਲ 10 ਹਜ਼ਾਰ ਰੁਪਏ ਤੋਂ ਲੈ ਕੇ 15 ਹਜ਼ਾਰ ਰੁਪਏ ਤੱਕ ਤਨਖਾਹ ਦਿੱਤੀ ਜਾਂਦੀ ਸੀ। ਸਭ ਤੋਂ ਪਹਿਲਾਂ ਇਹ ਗਰੋਹ ਆਪਣੇ ਮੈਂਬਰਾਂ ਰਾਹੀਂ ਜਨਤਕ ਥਾਵਾਂ 'ਤੇ ਨਕਲੀ ਭੀੜ ਬਣਾ ਕੇ ਜਿਸ ਥਾਂ 'ਤੇ ਵਾਰਦਾਤ ਨੂੰ ਅੰਜਾਮ ਦੇਣਾ ਹੁੰਦਾ ਸੀ, ਉਸ ਇਲਾਕੇ ਨੂੰ ਅਜਿਹਾ ਜਾਪਦਾ ਸੀ ਜਿਵੇਂ ਇਹ ਬਹੁਤ ਭੀੜ ਵਾਲੀ ਥਾਂ ਹੋਵੇ। ਲੋਕਾਂ ਨੂੰ ਇਸ ਭੀੜ 'ਤੇ ਸ਼ੱਕ ਵੀ ਨਹੀਂ ਸੀ। ਇਸ ਤੋਂ ਬਾਅਦ, ਉਨ੍ਹਾਂ ਦੇ ਪੇਸ਼ੇਵਰ ਚੋਰ ਭੀੜ ਵਿੱਚ ਰਲ ਜਾਂਦੇ ਅਤੇ ਹੌਲੀ-ਹੌਲੀ ਲੋਕਾਂ ਦੀਆਂ ਜੇਬਾਂ ਅਤੇ ਪਰਸ ਵਿੱਚੋਂ ਫੋਨ ਕੱਢ ਲੈਂਦੇ। ਇਸ ਤੋਂ ਬਾਅਦ ਸਾਰੇ ਚੋਰ ਚੋਰੀ ਕੀਤੇ ਮੋਬਾਈਲ ਆਪਣੇ ਮੁਖੀ ਨੂੰ ਸੌਂਪ ਦਿੰਦੇ ਸਨ। ਗਿਰੋਹ ਦਾ ਸਰਗਨਾ ਹੋਰਨਾਂ ਮੈਂਬਰਾਂ ਰਾਹੀਂ ਮੋਬਾਈਲ ਵਿੱਚ ਸਿਮ ਕਾਰਡ ਦੀ ਵਰਤੋਂ ਕਰਕੇ ਪੀੜਤਾਂ ਦੇ ਖਾਤਿਆਂ ਵਿੱਚੋਂ ਆਨਲਾਈਨ ਪੈਸੇ ਟਰਾਂਸਫਰ ਕਰਦਾ ਸੀ।


ਸਿੰਘ ਨੇ ਅੱਗੇ ਦੱਸਿਆ ਕਿ ਸਾਰਾ ਮਾਮਲਾ ਉਸ ਸਮੇਂ ਸਾਹਮਣੇ ਆਇਆ ਜਦੋਂ ਪੀੜਤਾਂ ਵਿੱਚੋਂ ਇੱਕ ਵਿਅਕਤੀ ਕੈਪੀਟਲ ਥਾਣੇ ਪਹੁੰਚਿਆ। ਇੱਥੇ ਪੀੜਤ ਨੇ ਮੋਬਾਈਲ ਚੋਰੀ ਹੋਣ ਅਤੇ ਖਾਤੇ ਵਿੱਚੋਂ ਪੈਸੇ ਕਢਵਾਉਣ ਦੀ ਸ਼ਿਕਾਇਤ ਦਰਜ ਕਰਵਾਈ ਹੈ। ਪੀੜਤ ਨੇ ਦੱਸਿਆ ਕਿ ਕਿਸੇ ਨੇ ਆਨਲਾਈਨ ਧੋਖਾਧੜੀ ਕਰਕੇ ਉਸ ਦੇ ਖਾਤੇ ਵਿੱਚੋਂ 14 ਲੱਖ ਰੁਪਏ ਕਢਵਾ ਲਏ ਸਨ। ਇਸ ਸ਼ਿਕਾਇਤ ਤੋਂ ਬਾਅਦ ਪੁਲਿਸ ਵਿਭਾਗ ਚੌਕਸ ਹੋ ਗਿਆ। ਮਾਮਲਾ ਸਾਡੇ ਧਿਆਨ 'ਚ ਆਉਂਦੇ ਹੀ ਅਸੀਂ ਗਿਰੋਹ ਅਤੇ ਇਸ ਨਾਲ ਜੁੜੇ ਮੈਂਬਰਾਂ 'ਤੇ ਨਜ਼ਰ ਰੱਖਣੀ ਸ਼ੁਰੂ ਕਰ ਦਿੱਤੀ। ਜਿਸ ਤੋਂ ਬਾਅਦ ਕਾਫੀ ਮੁਸ਼ੱਕਤ ਤੋਂ ਬਾਅਦ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਬੈਂਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed

19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9


ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa

■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana

MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ

ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS

We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge

➡ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
➡ Forklift Training
Forklift $79 Recertification

Counterbalance Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾਂ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਫਰੀਦਕੋਟ ਜ਼ਿਲ੍ਹੇ ਵਿਚ 09 ਮਾਰਚ 2024 ਨੂੰ ਲੱਗੇਗੀ ਕੌਮੀ ਲੋਕ ਅਦਾਲਤ : ਜ਼ਿਲ੍ਹਾ ਤੇ ਸੈਸ਼ਨ ਜੱਜ

## ਆਮ ਜਨਤਾ ਨੂੰ ਨੈਸ਼ਨਲ ਲੋਕ ਅਦਾਲਤ ਦਾ ਵੱਧ ਤੋਂ ਵੱਧ ਫਾਇਦਾ ਲੈਣ ਦੀ ਅਪੀਲ



ਫਰੀਦਕੋਟ, 4 ਜਨਵਰੀ (ਗਿਆਨ ਸਿੰਘ): ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ (ਮੋਹਾਲੀ) ਦੇ ਕਾਰਜਕਾਰੀ ਚੇਅਰਪਰਸਨ ਦੀਆਂ ਹਦਾਇਤਾਂ ਅਨੁਸਾਰ ਸ਼੍ਰੀਮਤੀ ਨਵਜੋਤ ਕੌਰ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਦੀ ਅਗਵਾਈ ਹੇਠ ਮਿਤੀ 09 ਮਾਰਚ 2024 ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਜ਼ਿਲ੍ਹਾ ਕਚਹਿਰੀਆਂ ਫਰੀਦਕੋਟ ਅਤੇ ਸਬ ਡਵੀਜਨ ਜੈਤੋ ਵਿਖੇ ਕੀਤਾ ਜਾਵੇਗਾ।

ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਨੇ ਦੱਸਿਆ ਕਿ "ਝਗੜੇ ਮੁਕਾਓ ਅਤੇ ਪਿਆਰ ਵਧਾਓ ,ਲੋਕ ਅਦਾਲਤਾਂ ਰਾਹੀਂ ਸਸਤਾ ਅਤੇ ਛੇਤੀ ਨਿਆਂ ਪਾਓ" ਤਹਿਤ ਇਸ ਕੌਮੀ ਲੋਕ ਅਦਾਲਤ ਵਿੱਚ ਜ਼ਮੀਨ ਗ੍ਰਹਿਣ ਕਰਨ ਦੀਆਂ ਕਾਰਵਾਈਆਂ, ਸਥਾਈ ਲੋਕ ਅਦਾਲਤ ਵਿੱਚ ਸ਼ਿਕਾਇਤਾਂ/ਪਟੀਸ਼ਨਾਂ, ਐਸ.ਏ.ਸੀ.ਟੀ. ਕਲੇਮ ਪਟੀਸ਼ਨ ਅਤੇ ਐਗਜ਼ੀਕਿਊਸ਼ਨ, ਪਰਿਵਾਰਕ ਅਦਾਲਤਾਂ ਵਿੱਚ ਪਰਿਵਾਰਕ ਮਾਮਲੇ, ਮਜ਼ਦੂਰ ਵਿਵਾਦ, ਟ੍ਰੈਫਿਕ ਚਲਾਨ, ਮਿਸ਼ਰਤ ਅਪਰਾਧ,ਬਿਜਲੀ ਐਕਟ ਤਹਿਤ ਦਰਜ ਐਫ.ਆਈ.ਆਰ, ਐਨ.ਆਈ.ਏ ਅਧੀਨ ਸ਼ਿਕਾਇਤਾਂ, ਰਿਕਵਰੀ ਸੂਟ, ਪ੍ਰੀ-ਲਿਟੀਗੇਟਿਵ ਕੇਸ, ਐਨ.ਆਈ.ਏ ਅਧੀਨ ਸ਼ਿਕਾਇਤਾਂ ਅਤੇ ਕਿਸੇ ਵੀ ਹੋਰ ਕਿਸਮ ਦੇ ਕੇਸ ਨਾਲ ਸਬੰਧਿਤ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਆਮ ਲੋਕਾਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਰੀਦਕੋਟ ਦੀਆਂ ਸਕੀਮਾਂ ਜਿਵੇਂ ਕਿ ਵਿਕਟਮ ਕੰਪਨਸੇਸ਼ਨ ਸਕੀਮ, ਮੀਡੀਏਸ਼ਨ ਸੈਂਟਰ ਅਤੇ 09 ਮਾਰਚ 2024 ਨੂੰ ਲੱਗਣ ਵਾਲੀ ਨੈਸ਼ਨਲ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।

# ਸਰਕਾਰੀ ਨੌਕਰੀਆਂ ਵਿਚ ਦਿਵਿਆਂਗਜਨਾਂ ਦਾ ਬੈਕਲਾਗ ਪੂਰਾ ਕਰੇਗੀ ਪੰਜਾਬ ਸਰਕਾਰਡਾ : ਬਲਜੀਤ ਕੌਰ



ਮਲੋਟ, 4 ਜਨਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਲਦ ਹੀ ਦਿਵਿਆਂਗਜਨਾਂ ਦਾ ਸਰਕਾਰੀ ਨੌਕਰੀਆਂ ਵਿਚ ਬੈਕਲਾਗ ਪੂਰਾ ਕਰੇਗੀ। ਇਹ ਗੱਲ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਮੰਤਰੀ ਡਾ: ਬਲਜੀਤ ਕੌਰ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖੀ। ਉਹ ਆਪਣੇ ਵਿਭਾਗ ਵੱਲੋਂ ਦਿਵਿਆਂਗਜਨਾਂ ਦੇ ਪਹਿਚਾਣ ਪੱਤਰ ਅਤੇ ਪੈਨਸ਼ਨ ਲਗਾਉਣ ਸਬੰਧੀ ਲਗਾਏ ਕੈਂਪ ਵਿਚ ਮੁੱਖ ਮਹਿਮਾਨ ਵਜੋਂ ਇੱਥੇ ਪੁੱਜੇ ਸਨ।

ਕੈਬਨਿਟ ਮੰਤਰੀ ਡਾ: ਬਲਜੀਤ ਕੌਰ ਨੇ ਕਿਹਾ ਕਿ ਇਸ ਲਈ ਇਕ ਮੁਹਿੰਮ ਚਲਾ ਕੇ ਸਰਕਾਰ ਸਰਕਾਰੀ ਨੌਕਰੀਆਂ ਵਿਚ ਵਿਦਿਆਂਗਜਨਾਂ ਦਾ ਬੈਕਲਾਗ ਪੂਰਾ ਕਰੇਗੀ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ 40 ਹਜਾਰ ਤੋਂ ਜਿਆਦਾ ਨੌਕਰੀਆਂ ਦਿੱਤੀਆਂ ਹਨ ਅਤੇ ਹੁਣ ਦਿਵਿਆਂਗਜਨਾਂ ਨੂੰ ਵੀ ਨੌਕਰੀਆਂ ਵਿਚ ਬਣਦਾ ਉਨ੍ਹਾਂ ਦਾ ਹੱਕ ਦਿੱਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਨਵੀਆਂ ਅਸਾਮੀਆਂ ਵਿਚ ਤਾਂ ਦਿਵਿਆਂਗਜਨਾਂ ਦਾ ਕੋਟਾ ਨਾਲੋ ਨਾਲ ਭਰਿਆ ਜਾ ਰਿਹਾ ਹੈ ਪਰ ਪੁਰਾਣੀ ਭਰਤੀ ਵਿਚ ਬੈਕਲਾਗ ਸੀ ਜਿਸਨੂੰ ਹੁਣ ਪੂਰਾ ਕਰ ਲਿਆ ਜਾਵੇਗਾ।

ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਅੰਤਰਰਾਸ਼ਟਰੀ ਦਿਵਿਆਂਗ ਦਿਵਸ ਨੂੰ ਇਕ ਦਿਨ ਮਾਤਰ ਨੂੰ ਮਨਾਉਣ ਦੀ ਬਜਾਏ ਫੈਸਲਾ ਕੀਤਾ ਸੀ ਕਿ ਦਿਵਿਆਂਗਜਨਾਂ ਦੀ ਭਲਾਈ ਲਈ ਲਗਾਤਾਰ ਕੰਮ ਕੀਤਾ ਜਾਵੇ। ਇਸੇ ਲੜੀ ਵਿਚ ਅੱਜ ਇੱਥੇ ਇਹ ਕੈਂਪ ਲਗਾਇਆ ਗਿਆ ਸੀ ਜਿਸ ਵਿਚ ਮੌਕੇ ਤੇ ਹੀ ਦਿਵਿਆਂਗਜਨਾਂ ਦੇ ਫਾਰਮ ਭਰ ਕੇ ਪਹਿਲਾਂ ਮੈਡੀਕਲ ਟੀਮ ਵੱਲੋਂ ਜਾਂਚ ਤੋਂ ਬਾਅਦ ਯੂਡੀਆਈਡੀ ਕਾਰਡ ਅਤੇ ਦਿਵਿਆਂਗਤਾਂ ਸਰਟੀਫਿਕੇਟ ਬਣਾਏ ਗਏ ਅਤੇ ਫਿਰ ਮੌਕੇ ਤੇ ਹੀ ਉਨ੍ਹਾਂ ਦੀਆਂ ਪੈਨਸ਼ਨਾਂ ਮੰਜੂਰ ਕੀਤੀਆਂ ਗਈਆਂ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਤਰਾਂ ਤੇ ਕੈਂਪ ਭਵਿੱਖ ਵਿਚ ਸਾਰੇ ਜ਼ਿਲ੍ਹਿਆਂ ਵਿਚ ਲਗਾਏ ਜਾਣਗੇ ਤਾਂ ਜੋ ਸਮਾਜ ਦੇ ਇਸ ਵਰਗ ਨੂੰ ਹਰ ਪ੍ਰਕਾਰ ਦੀਆਂ ਸਰਕਾਰੀ ਸਹੂਲਤਾਂ ਦਿੱਤੀਆਂ ਜਾ ਸਕਨ।

ਕੈਬਨਿਟ ਮੰਤਰੀ ਡਾ: ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਕਮਜੋਰ ਵਰਗਾਂ ਦੀ ਭਲਾਈ ਲਈ ਦ੍ਰਿੜ ਸੰਕਲਪਿਤ ਹੈ। ਉਨ੍ਹਾਂ ਨੇ ਕਿਹਾ ਕਿ ਦਿਵਿਆਂਗ ਵਿਅਕਤੀ ਕਿਸੇ ਗੱਲੋਂ ਘੱਟ ਨਹੀਂ ਹੁੰਦੇ, ਸਗੋਂ ਸਾਨੂੰ ਆਪਣਾ ਮਨੋਬਲ ਕਦੇ ਵੀ ਡਿੱਗਣ ਨਹੀਂ ਦੇਣਾ ਚਾਹੀਦਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਦਿਵਿਆਂਗਜਨਾਂ ਦੇ ਨਾਲ ਹੈ। ਉਨ੍ਹਾਂ ਨੇ ਕਿਹਾ ਕਿ ਦਿਵਿਆਂਗ ਲੋਕਾਂ ਨੂੰ ਸਮਰੱਥ ਬਣਾਇਆ ਜਾ ਸਕੇ ਅਤੇ ਉਹ ਆਪਣਾ ਸਵੈ ਰੁਜਗਾਰ ਸ਼ੁਰੂ ਕਰ ਸਕਨ ਇਸ ਲਈ ਪੰਜਾਬ ਸਰਕਾਰ ਸਸਤੀਆਂ ਦਰਾਂ ਤੇ ਉਨ੍ਹਾਂ ਨੂੰ ਲੋਨ ਵੀ ਮੁਹਈਆ ਕਰਵਾ ਰਹੀ ਹੈ।

ਅੱਜ ਦੇ ਇਸ ਕੈਂਪ ਵਿਚ ਲੋੜਵੰਦ ਦਿਵਿਆਂਗਜਨਾਂ ਨੂੰ ਟ੍ਰਾਈ ਸਾਇਕਲਾਂ ਵੀ ਦਿੱਤੀਆਂ ਗਈਆਂ। ਇਸ ਮੌਕੇ ਐਸਡੀਐਮ ਮਲੋਟ ਡਾ: ਸੰਜੀਵ ਕੁਮਾਰ ਨੇ ਪ੍ਰਸ਼ਾਸਨ ਦੇ ਲੋਕ ਭਲਾਈ ਦੇ ਉਪਰਾਲਿਆਂ ਦੀ ਜਾਣਕਾਰੀ ਦਿੱਤੀ ਜਦ ਕਿ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਪੰਕਜ ਕੁਮਾਰ ਨੇ ਸਭ ਮਹਿਮਾਨਾਂ ਨੂੰ ਜੀ ਆਇਆਂ ਨੂੰ ਆਖਿਆਂ ਤੇ ਵਿਭਾਗ ਦੀਆਂ ਸਕੀਮਾਂ ਦੀ ਜਾਣਕਾਰੀ ਦਿੱਤੀ।

ਇਸ ਮੌਕੇ ਡੀਐਸਪੀ ਫਤਿਹ ਸਿੰਘ ਬਰਾੜ, ਸਿਵਲ ਸਰਜਨ ਡਾ: ਨਵਜੋਤ ਕੌਰ, ਜਗਦੇਵ ਸਿੰਘ ਬਾਮ ਲੋਕ ਸਭਾ ਇੰਚਾਰਜ, ਜ਼ਿਲ੍ਹਾ ਪ੍ਰਧਾਨ ਸ: ਜਸਨ ਬਰਾੜ, ਮਨਵੀਰ ਸਿੰਘ ਖੁੱਡੀਆਂ ਜ਼ਿਲ੍ਹਾ ਜਨਰਲ ਸਕੱਤਰ, ਸ੍ਰੀ ਰਮੇਸ਼ ਅਰਨੀਵਾਲਾ, ਗੁਰਪ੍ਰੀਤ ਵਿਰਦੀ, ਜਸਮੀਤ ਸਿੰਘ ਬਰਾੜ, ਗਗਨਦੀਪ ਸਿੰਘ ਔਲਖ ਵੀ ਹਾਜਰ ਸਨ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664












# ਨਵਾਂ ਸਾਲ, ਨਵੀਆਂ ਉਮੀਦਾਂ, ਨਵੇਂ ਸੁਪਨੇ, ਨਵੇਂ ਟੀਚੇ

ਜਦੋਂ ਕਿ ਸਾਡੇ ਲਈ ਨਵੇਂ ਸਾਲ 'ਤੇ ਆਪਣੀਆਂ ਉਮੀਦਾਂ ਨੂੰ ਕਾਇਮ ਰੱਖਣਾ ਬਹੁਤ ਵਧੀਆ ਹੈ, ਸਾਨੂੰ ਇਹ ਵੀ ਸਮਝਣ ਦੀ ਜ਼ਰੂਰਤ ਹੈ ਕਿ ਉਮੀਦਾਂ ਦੇ ਨਾਲ ਨਿਰਾਸ਼ਾ ਵੀ ਆਉਂਦੀ ਹੈ। ਜ਼ਿੰਦਗੀ ਸੰਘਰਸ਼ਾਂ ਦੀ ਖੇਡ ਹੈ ਅਤੇ ਨਵਾਂ ਸਾਲ ਇਸ ਤੋਂ ਅਪਵਾਦ ਨਹੀਂ ਹੈ। ਜੇਕਰ ਅਸੀਂ 'ਬੀਤੇ ਗਏ ਸਾਲ' 'ਤੇ ਇਮਾਨਦਾਰੀ ਨਾਲ ਵਿਚਾਰ ਕਰਦੇ ਹਾਂ, ਤਾਂ ਸਾਨੂੰ ਅਹਿਸਾਸ ਹੋਵੇਗਾ ਕਿ ਭਾਵੇਂ ਸਾਲ ਨੇ ਜ਼ਰੂਰੀ ਤੌਰ 'ਤੇ ਉਹ ਨਹੀਂ ਦਿੱਤਾ ਜੋ ਅਸੀਂ ਇਸ ਤੋਂ ਚਾਹੁੰਦੇ ਸੀ, ਇਸ ਨੇ ਸਾਨੂੰ ਕੁਝ ਕੀਮਤੀ ਸਬਕ ਅਤੇ ਅਨੁਭਵ ਦਿੱਤੇ ਹਨ। ਇਹ ਅਲੱਗ-ਥਲੱਗ ਹੋਣ ਵਿੱਚ ਬਹੁਤ ਮਹੱਤਵਪੂਰਨ ਨਹੀਂ ਲੱਗ ਸਕਦੇ ਹਨ, ਪਰ ਸ਼ਾਇਦ ਇਹ ਕੁਦਰਤ ਦੁਆਰਾ ਸਾਨੂੰ ਉਸ ਤੋਹਫ਼ੇ ਲਈ ਤਿਆਰ ਕਰਨ ਦਾ ਤਰੀਕਾ ਹੈ ਜੋ ਉਸ ਨੇ ਸਾਡੇ ਲਈ ਸਟੋਰ ਵਿੱਚ ਰੱਖਿਆ ਹੈ ਜੋ ਉਹ ਆਪਣੇ ਸਮੇਂ ਵਿੱਚ ਪ੍ਰਦਾਨ ਕਰੇਗੀ। ਇਸ ਦੇ ਨਾਲ ਹੀ, ਜੇਕਰ ਸਾਲ ਨੇ ਸਾਡੇ ਤੋਂ ਕੋਈ ਬਹੁਤ ਕੀਮਤੀ ਚੀਜ਼ ਖੋਹੀ ਹੈ, ਤਾਂ ਇਹ ਯਕੀਨੀ ਤੌਰ 'ਤੇ ਬਰਾਬਰ ਮਾਪ ਵਿੱਚ ਉਸ ਦੀ ਭਰਪਾਈ ਕੀਤੀ ਹੈ. ਸਾਲ ਦੇ ਅੰਤ ਵਿੱਚ, ਸਾਨੂੰ ਅਹਿਸਾਸ ਹੁੰਦਾ ਹੈ ਕਿ ਸਾਡੀ ਬੈਲੇਂਸ ਸ਼ੀਟ ਕਾਫ਼ੀ ਨਿਰਪੱਖ ਹੈ। ਸੋ ਆਓ, ਆਉਣ ਵਾਲੇ ਸਾਲ ਵਿੱਚ ਇਸ ਭਰੋਸੇ ਨਾਲ ਪ੍ਰਵੇਸ਼ ਕਰੀਏ ਕਿ ਨਵੇਂ ਸਾਲ ਦਾ ਜਾਦੂ ਇਹ ਜਾਣਨ ਵਿੱਚ ਹੈ ਕਿ ਭਾਵੇਂ ਜੋ ਮਰਜ਼ੀ ਹੋ ਜਾਵੇ, ਹਰ ਨਿਰਾਸ਼ਾ ਦਾ ਮੁਆਵਜ਼ਾ, ਹਰ ਇੱਛਾ ਦੀ ਪੂਰਤੀ ਦਾ ਸਬਕ ਜ਼ਰੂਰ ਹੋਵੇਗਾ।



-ਪ੍ਰਿਅੰਕਾ ਸੌਰਭ

*ਇਹ ਸਾਲ ਬੀਤ ਗਿਆ, ਸੁੱਖ-ਦੁੱਖ ਦੇ ਕੇ ਮਿਲੇ।
ਨਹੀ ਜਾਣਦਾ? ਬੂਨਾ ਕੀ ਹੈ? ਸਵੇਰ ਦਾ ਨਵਾਂ ਗੀਤ।
ਜੋ ਗੁਆਇਆ ਉਸ ਬਾਰੇ ਸੋਚ ਕੇ ਉਦਾਸ ਨਾ ਹੋਵੋ।
ਜਦੋਂ ਤੱਕ ਸਾਹ ਚੱਲਦੇ ਰਹੇ, ਖੁਸ਼ੀਆਂ ਦੀ ਆਸ ਰੱਖੀਂ।

ਹਰ ਸਾਲ, ਸਾਲ ਦਰ ਸਾਲ, ਅਸੀਂ ਆਪਣੇ ਦਿਲਾਂ ਵਿੱਚ ਇੱਕ ਗੀਤ ਅਤੇ ਸਾਡੇ ਕਦਮਾਂ ਵਿੱਚ ਬਸੰਤ ਦੇ ਨਾਲ ਨਵੇਂ ਸਾਲ ਵਿੱਚ ਪ੍ਰਵੇਸ਼ ਕਰਦੇ ਹਾਂ। ਸਾਡਾ ਮੰਨਣਾ ਹੈ ਕਿ ਜਾਦੂਈ ਸਾਲ ਆਪਣੇ ਨਾਲ ਸਾਡੀਆਂ ਸਾਰੀਆਂ ਸਮੱਸਿਆਵਾਂ ਦੇ ਹੱਲ ਅਤੇ ਸਾਡੀਆਂ ਸਾਰੀਆਂ ਇੱਛਾਵਾਂ ਦੀ ਪੂਰਤੀ ਲੈ ਕੇ ਆਵੇਗਾ। ਇਹ ਇੱਕ ਸੁਪਨਿਆਂ ਦਾ ਘਰ ਹੋਵੇ, ਇੱਕ ਸੁਪਨਿਆਂ ਦਾ ਪ੍ਰਸਤਾਵ, ਇੱਕ ਸੁਪਨੇ ਦੀ ਨੌਕਰੀ, ਇੱਕ ਸੁਪਨਿਆਂ ਦਾ ਸਾਥੀ, ਇੱਕ ਸੁਪਨਿਆਂ ਦਾ ਮੌਕਾ ਹੋਵੇ... ਅਤੇ ਹੋਰ ਬਹੁਤ ਵਧੀਆ। ਪਰ ਜਿਵੇਂ ਹੀ ਸਾਲ ਸ਼ੁਰੂ ਹੁੰਦਾ ਹੈ ਅਤੇ ਅਸੀਂ ਆਉਣ ਵਾਲੀ ਹਰ ਚੀਜ਼ ਨਾਲ ਨਜਿੱਠਦੇ ਹਾਂ, ਨਵੇਂ ਸਾਲ ਦੀ ਨਵੀਨਤਾ, ਨਵੇਂ ਸੰਕਲਪ, ਨਵੀਂ ਸ਼ੁਰੂਆਤ ਪਹਿਲੀ ਤਿਮਾਹੀ ਤੱਕ ਬੰਦ ਹੋਣੀ ਸ਼ੁਰੂ ਹੋ ਜਾਂਦੀ ਹੈ। ਸਾਲ ਦੇ ਅੱਧ ਤੱਕ ਅਸੀਂ ਬਹੁਤ ਜ਼ਿਆਦਾ ਮੱਧਮਤਾ ਅਤੇ ਬਹੁਤ ਸਾਰੀਆਂ ਬੇਹੋਸ਼ ਉਮੀਦਾਂ ਦੀ ਪਕੜ ਵਿੱਚ ਹਾਂ, ਜਿਸ ਵਾਅਦੇ ਨਾਲ ਅਸੀਂ ਸ਼ੁਰੂ ਕੀਤਾ ਸੀ, ਉਸ ਤੋਂ ਬਹੁਤ ਦੂਰ ਹੈ। ਅਤੇ ਆਖਰੀ ਤਿਮਾਹੀ ਤੱਕ ਅਸੀਂ ਆਪਣੀ ਅਸਲੀਅਤ ਤੋਂ ਇੰਨੇ ਦੱਬੇ ਹੋਏ ਹਾਂ ਕਿ ਅਸੀਂ ਸਾਲ ਦੇ ਖਤਮ ਹੋਣ ਦਾ ਇੰਤਜ਼ਾਰ ਨਹੀਂ ਕਰ ਸਕਦੇ। ਅਸੀਂ ਮੌਜੂਦਾ ਸਾਲ ਨੂੰ ਛੱਡ ਕੇ ਇਕ ਹੋਰ 'ਨਵਾਂ ਸਾਲ' ਮਨਾਉਣ ਲਈ ਤਿਆਰ ਹਾਂ ਅਤੇ ਆਪਣੀਆਂ ਸ਼ੁਭਕਾਮਨਾਵਾਂ ਸਾਂਝੀਆਂ ਕਰਦੇ ਹਾਂ-

*ਸ਼ੁਭਕਾਮਨਾਵਾਂ ਸਾਂਝੀਆਂ ਕਰਨਾ, ਨਵਾਂ ਸਾਲ ਮੁਬਾਰਕ।
ਖੁਸ਼ੀ ਅਤੇ ਖੁਸ਼ਹਾਲੀ ਵਧੇ, ਹਰ ਚਿਹਰੇ 'ਤੇ ਖੁਸ਼ੀ ਹੋਵੇ।
ਮਾਣ ਵਾਲੀ ਜ਼ਿੰਦਗੀ ਜੀਓ, ਅਮਰ ਰਿਕਾਰਡ ਲਿਖੋ।
ਸੌਰਭ, ਇਹ ਖੂਬਸੂਰਤ ਜੀਵਨ ਰੇਖਾ ਖਿੱਚੋ।*

ਨਵਾਂ ਸਾਲ ਉਹ ਸਮਾਂ ਹੁੰਦਾ ਹੈ ਜਦੋਂ ਅਸੀਂ ਅਚਾਨਕ ਮਹਿਸੂਸ ਕਰਦੇ ਹਾਂ ਕਿ, ਓ, ਇੱਕ ਸਾਲ ਬੀਤ ਗਿਆ ਹੈ. ਸਮਾਂ ਕਿੰਨੀ ਤੇਜ਼ੀ ਨਾਲ ਲੰਘ ਜਾਂਦਾ ਹੈ, ਅਸੀਂ ਕੁਝ ਪਲਾਂ ਲਈ ਹੈਰਾਨ ਰਹਿ ਜਾਂਦੇ ਹਾਂ, ਅਤੇ ਫਿਰ ਅਸੀਂ ਆਪਣੇ ਕੰਮ 'ਤੇ ਵਾਪਸ ਚਲੇ ਜਾਂਦੇ ਹਾਂ. ਦਿਲਚਸਪ ਗੱਲ ਇਹ ਹੈ ਕਿ ਅਜਿਹਾ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਹੁੰਦਾ ਹੈ। ਜੇਕਰ ਅਸੀਂ ਹੈਰਾਨੀ ਦੇ ਇਹਨਾਂ ਪਲਾਂ ਵਿੱਚ ਡੂੰਘਾਈ ਵਿੱਚ ਜਾਵਾਂਗੇ, ਤਾਂ ਸਾਨੂੰ ਪਤਾ ਲੱਗੇਗਾ ਕਿ ਸਾਡੇ ਅੰਦਰ ਕੁਝ ਅਜਿਹਾ ਹੈ ਜੋ ਸਾਰੀਆਂ ਘਟਨਾਵਾਂ ਦੀ ਗਵਾਹੀ ਦੇ ਰਿਹਾ ਹੈ। ਸਾਡੇ ਅੰਦਰ ਇਹ ਸਾਖੀ ਭਾਵਨਾ ਅਟੱਲ ਰਹਿੰਦੀ ਹੈ ਅਤੇ ਇਸ ਲਈ ਅਸੀਂ ਸਮੇਂ ਦੇ ਨਾਲ ਘਟਨਾਵਾਂ ਨੂੰ ਬਦਲਦੇ ਦੇਖ ਸਕਦੇ ਹਾਂ। ਜ਼ਿੰਦਗੀ ਦੀਆਂ ਉਹ ਸਾਰੀਆਂ ਘਟਨਾਵਾਂ ਜੋ ਬੀਤ ਗਈਆਂ, ਸੁਪਨਾ ਬਣ ਕੇ ਰਹਿ ਗਈਆਂ। ਗਿਆਨ ਜੀਵਨ ਦੇ ਇਸ ਸੁਪਨੇ-ਸਰੂਪ ਸੁਭਾਅ ਨੂੰ ਸਮਝਣਾ ਹੈ। ਇਹ ਸੁਪਨਾ ਇਸ ਸਮੇਂ ਵੀ ਚੱਲ ਰਿਹਾ ਹੈ। ਜਦੋਂ ਅਸੀਂ ਇਸ ਨੂੰ ਸਮਝਦੇ ਹਾਂ ਤਾਂ ਸਾਡੇ ਅੰਦਰੋਂ ਇੱਕ ਮਜ਼ਬੂਤ ਸ਼ਕਤੀ ਉਭਰਦੀ ਹੈ ਅਤੇ ਫਿਰ ਘਟਨਾਵਾਂ ਅਤੇ ਹਾਲਾਤ ਸਾਨੂੰ ਹਿਲਾ ਨਹੀਂ ਪਾਉਂਦੇ। ਉਂਜ, ਜ਼ਿੰਦਗੀ ਵਿੱਚ ਘਟਨਾਵਾਂ ਦਾ ਵੀ ਆਪਣਾ ਮਹੱਤਵ ਹੁੰਦਾ ਹੈ। ਸਾਨੂੰ ਘਟਨਾਵਾਂ ਤੋਂ ਸਬਕ ਸਿੱਖ ਕੇ ਅੱਗੇ ਵਧਦੇ ਰਹਿਣਾ ਚਾਹੀਦਾ ਹੈ। ਨਵਾਂ ਸਾਲ ਨਵੀਆਂ ਉਮੀਦਾਂ, ਨਵੇਂ ਸੁਪਨੇ, ਨਵੇਂ ਟੀਚੇ ਅਤੇ ਨਵੇਂ ਵਿਚਾਰ ਲੈ ਕੇ ਆਉਂਦਾ ਹੈ, ਇਸ ਲਈ ਹਰ ਕੋਈ ਬਿਨਾਂ ਕਿਸੇ ਪਛਤਾਵੇ ਦੇ ਇਸ ਦਾ ਖੁਸ਼ੀ ਨਾਲ ਸਵਾਗਤ ਕਰਦਾ ਹੈ।

*ਸਾਲ ਆਉਂਦੇ ਜਾਂਦੇ ਹਨ, ਪਛਤਾਓ ਨਾ।
ਸੌਰਭ ਜੀ ਅਰਦਾਸ ਕਰੋ ਕਿ ਸਾਰੇ ਖੁਸ਼ ਰਹਿਣ।
ਜ਼ਿੰਦਗੀ ਛੋਟੀ ਹੈ, ਨਫ਼ਰਤ ਅਤੇ ਦੋਸਤੀ ਨੂੰ ਭੁੱਲ ਜਾਓ.
ਨਵੀਂ ਸਵੇਰ ਦਾ ਸੁਆਗਤ ਕਰੋ, ਆਪਣਾ ਪਿਆਰ ਵਧਾਓ।*

ਹਾਲਾਂਕਿ ਨਵੇਂ ਸਾਲ ਲਈ ਆਪਣੀਆਂ ਉਮੀਦਾਂ ਨੂੰ ਕਾਇਮ ਰੱਖਣਾ ਸਾਡੇ ਲਈ ਬਹੁਤ ਵਧੀਆ ਹੈ, ਸਾਨੂੰ ਇਹ ਸਮਝਣ ਦੀ ਜ਼ਰੂਰਤ ਹੈ ਕਿ ਉਮੀਦਾਂ ਦੇ ਨਾਲ ਨਿਰਾਸ਼ਾ ਵੀ ਆਉਂਦੀ ਹੈ। ਜ਼ਿੰਦਗੀ ਸੰਘਰਸ਼ਾਂ ਦੀ ਖੇਡ ਹੈ ਅਤੇ ਨਵਾਂ ਸਾਲ ਇਸ ਤੋਂ ਅਪਵਾਦ ਨਹੀਂ ਹੈ। ਜੇਕਰ ਅਸੀਂ 'ਬੀਤੇ ਗਏ ਸਾਲ' 'ਤੇ ਇਮਾਨਦਾਰੀ ਨਾਲ ਵਿਚਾਰ ਕਰੀਏ, ਤਾਂ ਸਾਨੂੰ ਅਹਿਸਾਸ ਹੋਵੇਗਾ ਕਿ ਸਾਲ ਨੇ ਜ਼ਰੂਰੀ ਤੌਰ 'ਤੇ ਉਹ ਨਹੀਂ ਦਿੱਤਾ ਹੋਵੇਗਾ ਜੋ ਅਸੀਂ ਇਸ ਤੋਂ ਚਾਹੁੰਦੇ ਸੀ, ਪਰ ਇਸ ਨੇ ਸਾਨੂੰ ਕੁਝ ਕੀਮਤੀ ਸਬਕ ਅਤੇ ਅਨੁਭਵ ਦਿੱਤੇ ਹਨ। ਇਹ ਅਲੱਗ-ਥਲੱਗ ਵਿੱਚ ਬਹੁਤ ਮਹੱਤਵਪੂਰਨ ਨਹੀਂ ਜਾਪਦੇ, ਪਰ ਇਹ ਸ਼ਾਇਦ ਕੁਦਰਤ ਦੁਆਰਾ ਸਾਨੂੰ ਉਸ ਤੋਹਫ਼ੇ ਲਈ ਤਿਆਰ ਕਰਨ ਦਾ ਤਰੀਕਾ ਹੈ ਜੋ ਉਸਨੇ ਸਾਡੇ ਲਈ ਸਟੋਰ ਵਿੱਚ ਰੱਖਿਆ ਹੈ ਜੋ ਉਹ ਆਪਣੇ ਸਮੇਂ ਵਿੱਚ ਪ੍ਰਦਾਨ ਕਰੇਗੀ। ਇਸ ਦੇ ਨਾਲ ਹੀ, ਜੇਕਰ ਸਾਲ ਨੇ ਸਾਡੇ ਤੋਂ ਕੋਈ ਬਹੁਤ ਕੀਮਤੀ ਚੀਜ਼ ਖੋਹੀ ਹੈ, ਤਾਂ ਇਹ ਯਕੀਨੀ ਤੌਰ 'ਤੇ ਬਰਾਬਰ ਮਾਪ ਵਿੱਚ ਉਸ ਦੀ ਭਰਪਾਈ ਕੀਤੀ ਹੈ. ਸਾਲ ਦੇ ਅੰਤ ਵਿੱਚ, ਸਾਨੂੰ ਅਹਿਸਾਸ ਹੁੰਦਾ ਹੈ ਕਿ ਸਾਡੀ ਬੈਲੇਂਸ ਸ਼ੀਟ ਕਾਫ਼ੀ ਨਿਰਪੱਖ ਹੈ। ਇਸ ਲਈ ਆਓ, ਆਉਣ ਵਾਲੇ ਸਾਲ ਵਿੱਚ ਇਸ ਭਰੋਸੇ ਨਾਲ ਪ੍ਰਵੇਸ਼ ਕਰੀਏ ਕਿ ਨਵੇਂ ਸਾਲ ਦਾ ਜਾਦੂ ਇਹ ਜਾਣਨ ਵਿੱਚ ਹੈ ਕਿ ਭਾਵੇਂ ਕੁਝ ਵੀ ਹੋ ਜਾਵੇ, ਹਰ ਨਿਰਾਸ਼ਾ ਦਾ ਮੁਆਵਜ਼ਾ, ਹਰ ਇੱਛਾ, ਦੁੱਖ ਅਤੇ ਦੁੱਖ ਦੀ ਪੂਰਤੀ ਦਾ ਸਬਕ ਜ਼ਰੂਰ ਹੁੰਦਾ ਹੈ। ਅੰਤ ਹੋਵੇਗਾ, ਆਪਣੇ ਆਪ ਦੀ ਧੁੱਪ ਹੋਵੇਗੀ-

* ਫੈਲੀ ਧੁੰਦ ਚੁੱਪ ਦਾ ਰੂਪ ਹੈ,
ਚਮਕਦਾਰ ਮਨ ਦਾ ਰੂਪ ਹੈ।
ਸਾਰੇ ਰਿਸ਼ਤਿਆਂ ਵਿੱਚ ਆਪਸੀ ਸਾਂਝ ਦੀ ਧੁੱਪ ਖਿੜ ਗਈ।
ਦੁੱਖ-ਕਲੇਸ਼ ਦਾ ਅੰਤ ਹੋਵੇ, ਬਿਪਤਾ ਦੂਰ ਹੋ ਜਾਵੇ।
ਕੋਈ ਕਿਤੇ ਨਹੀਂ, ਰੋਣ ਲਈ ਮਜ਼ਬੂਰ।*

ਨਵੇਂ ਸਾਲ ਵਿੱਚ ਆਪਣੇ ਲਈ ਟੀਚੇ ਤੈਅ ਕਰੋ। ਵਿਦਿਆਰਥੀ ਹੋਵੇ ਜਾਂ ਕੰਮਕਾਜੀ ਵਿਅਕਤੀ, ਹਰ ਕਿਸੇ ਲਈ ਕੋਈ ਨਾ ਕੋਈ ਟੀਚਾ ਰੱਖਣਾ ਜ਼ਰੂਰੀ ਹੈ। ਭਵਿੱਖ ਨੂੰ ਸੁਧਾਰਨ ਲਈ ਤੁਸੀਂ ਕੀ ਕਰ ਸਕਦੇ ਹੋ ਅਤੇ ਕਿਸ ਦਿਸ਼ਾ ਵਿੱਚ ਤੁਹਾਨੂੰ ਯਤਨ ਕਰਨੇ ਹਨ, ਇਹ ਨਿਰਧਾਰਤ ਕਰਨ ਤੋਂ ਬਾਅਦ, ਇਸ ਨੂੰ ਪੂਰਾ ਕਰਨ ਦਾ ਸੰਕਲਪ ਕਰੋ। ਤੁਹਾਡਾ ਸੰਕਲਪ ਤੁਹਾਨੂੰ ਤੁਹਾਡੇ ਟੀਚੇ ਨੂੰ ਪੂਰਾ ਕਰਨ ਲਈ ਹਮੇਸ਼ਾ ਯਾਦ ਦਿਵਾਉਂਦਾ ਹੈ। ਹਰ ਕੋਈ 'ਨਵੇਂ ਸਾਲ' ਨੂੰ ਜੀਵਨ ਭਰ ਨਾਲ ਜੋੜਦਾ ਹੈ ਅਤੇ ਸਾਡਾ ਜੀਵਨ ਕਾਲ ਉਮੀਦਾਂ ਅਤੇ ਨਿਰਾ-ਸ਼ਾ, ਸਫਲਤਾਵਾਂ ਅਤੇ ਅਸਫਲਤਾਵਾਂ, ਖੁਸ਼ੀਆਂ ਅਤੇ ਗ਼ਮਾਂ ਨਾਲ ਜੁੜਿਆ ਹੋਇਆ ਹੈ ਅਤੇ ਇਹ ਸਾਲ ਘੱਟ ਜਾਦੂਈ ਨਹੀਂ ਹੋਵੇਗਾ। ਇਸ ਲਈ ਤੁਸੀਂ ਇਸ ਸਾਲ ਆਪਣੇ ਸੰਕਲਪਾਂ 'ਤੇ ਕਿਵੇਂ ਕਾਇਮ ਰਹਿ ਸਕਦੇ ਹੋ? ਇਸ ਬਾਰੇ ਸੋਚ-ਸਮਝ ਕੇ ਰਹੋ, ਦੂਜਿਆਂ ਤੋਂ ਸਹਾਇਤਾ ਮੰਗੋ, ਆਪਣੇ ਦੋਸਤਾਂ ਅਤੇ ਪਰਿਵਾਰ ਨੂੰ ਤੁਹਾਨੂੰ ਖੁਸ਼ ਕਰਨ ਲਈ ਕਹੋ। ਉਹਨਾਂ ਨੂੰ ਆਪਣੇ ਟੀਚੇ ਦੱਸੋ ਅਤੇ ਤੁਸੀਂ ਕੀ ਪ੍ਰਾਪਤ ਕਰਨਾ ਚਾਹੁੰਦੇ ਹੋ। ਆਪਣੇ ਲਈ ਇੱਕ ਇਨਾਮ ਪ੍ਰਣਾਲੀ ਬਣਾਓ, ਥੋੜ੍ਹੇ ਸਮੇਂ ਦੇ ਟੀਚੇ ਨਿਰਧਾਰਤ ਕਰੋ ਅਤੇ ਉਹਨਾਂ ਨੂੰ ਪੂਰਾ ਕਰਨ ਲਈ ਆਪਣੇ ਆਪ ਨੂੰ ਇਨਾਮ ਦਿਓ। ਆਪਣੇ ਲਈ ਦਿਆਲੂ ਬਣੋ, ਕੋਈ ਵੀ ਸੰਪੂਰਨ ਨਹੀਂ ਹੈ. ਆਪਣੇ ਆਪ ਨੂੰ ਕੋਸਣ ਦੀ ਬਜਾਏ, ਡੂੰਘਾ ਸਾਹ ਲਓ ਅਤੇ ਨਵੀਆਂ ਉਚਾਈਆਂ ਲਈ ਯਤਨਸ਼ੀਲ ਰਹੋ।

* ਸਾਰੇ ਭੇਦ ਪ੍ਰਗਟ ਕਰੋ, ਨਵੀਆਂ ਉਚਾਈਆਂ ਪ੍ਰਾਪਤ ਕਰੋ.
ਹੋਸ਼ ਅਤੇ ਅਵਚੇਤਨ ਖਿੜ, ਸੌਰਭ ਇਹ ਨਵਾਂ ਸਾਲ।
ਹਾਸਾ ਹੋਵੇ, ਖੁਸ਼ੀ ਹੋਵੇ, ਸ਼ਾਂਤੀ ਹੋਵੇ, ਖੁਸ਼ੀਆਂ ਜਿਉਂਦੀਆਂ ਰਹਿਣ।
ਮਨ ਦੀ ਸੁੱਕੀ ਟਾਹਣੀ 'ਤੇ ਸੌਰਭ ਬਹਾਰ ਖਿੜਦੀ ਹੈ।*

ਅਜਿਹਾ ਮੰਨਿਆ ਜਾਂਦਾ ਹੈ ਕਿ ਜੇਕਰ ਸਾਲ ਦਾ ਪਹਿਲਾ ਦਿਨ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਜਾਵੇ ਤਾਂ ਪੂਰਾ ਸਾਲ ਉਸੇ ਤਰ੍ਹਾਂ ਹੀ ਉਤਸ਼ਾਹ ਅਤੇ ਖੁਸ਼ੀ ਨਾਲ ਬੀਤ ਜਾਵੇਗਾ। ਹਾਲਾਂਕਿ, ਭਾਰਤੀ ਪਰੰਪਰਾ ਦੇ ਅਨੁਸਾਰ, ਨਵਾਂ ਸਾਲ ਇੱਕ ਨਵੀਂ ਸ਼ੁਰੂਆਤ ਨੂੰ ਦਰਸਾਉਂਦਾ ਹੈ ਅਤੇ ਹਮੇਸ਼ਾ ਸਾਨੂੰ ਅੱਗੇ ਵਧਣਾ ਸਿਖਾਉਂਦਾ ਹੈ। ਅਸੀਂ ਪਿਛਲੇ ਸਾਲ ਜੋ ਵੀ ਕੀਤਾ, ਸਿੱਖਿਆ, ਸਫਲ ਜਾਂ ਅਸਫਲ ਰਹੇ, ਸਾਨੂੰ ਨਵੀਂ ਉਮੀਦ ਨਾਲ ਅੱਗੇ ਵਧਣਾ ਚਾਹੀਦਾ ਹੈ। ਤਾਂ ਜੋ ਇਹ ਸਾਲ ਇੱਕ ਸੁਹਾਵਣਾ ਪਛਾਣ ਬਣ ਜਾਵੇ -

*ਜ਼ਿੰਦਗੀ ਖਿੜਨ ਵਾਲੀ ਹੋਵੇ, ਇੱਛਾਵਾਂ ਖੁਸ਼ਬੂਦਾਰ ਹੋਣ।
ਨਵੇਂ ਸਾਲ ਅਤੇ ਖੁਸ਼ਹਾਲ ਜਾਣੂਆਂ ਦੀ ਉਮੀਦ ਹੈ।
ਪਿਆਰ ਦੇ ਮਿੱਠੇ ਨੋਟ ਛੇੜ ਰਹੇ ਹਨ।
ਨਵੇਂ ਸਾਲ ਦੇ ਖੰਭਾਂ 'ਤੇ, ਖੁਸ਼ਬੂ ਨਾਲ ਉੱਡ ਜਾਓ.

# ਬਾਗਵਾਨਾਂ ਲਈ ਚਾਨਣ ਮੁਨਾਰਾ- .ਫਲ ਖੋਜ ਕੇਂਦਰ ਜੱਲੋਵਾਲ

ਤਨਜੀਤ ਸਿੰਘ ਚਾਹਲ ਅਤੇ ਵਿਕਰਮਜੀਤ ਸਿੰਘ



ਖੇਤੀ ਪ੍ਰਧਾਨ ਸੂਬਾ ਹੋਣ ਕਰਕੇ ਪੰਜਾਬ ਨੇ ਇਸ ਖੇਤਰ ਵਿੱਚ ਕਾਫੀ ਤਰੱਕੀ ਕੀਤੀ ਹੈ ਅਤੇ ਪੰਜਾਬ ਦਾ ਮਿਹਨਤੀ ਕਿਸਾਨ ਕੇਂਦਰੀ ਅੰਨ ਭੰਡਾਰ ਵਿੱਚ ਵਡਮੁੱਲਾ ਯੋਗਦਾਨ ਪਾ ਰਿਹਾ ਹੈ। ਪਰ ਇਸ ਪ੍ਰਾਪਤੀ ਲਈ ਪਾਣੀ ਦੀ ਵੱਧ ਖਪਤ, ਕੀਟਨਾਸ਼ਕਾਂ ਅਤੇ ਰਸ਼ਾਇਣਕ ਖਾਦਾਂ ਦੀ ਜਿਆਦਾ ਵਰਤੋਂ ਹੋਣ ਕਾਰਣ ਮਿੱਟੀ ਦੀ ਉਪਜਾਊ ਸ਼ਕਤੀ ਅਤੇ ਜ਼ਮੀਨੀ ਪਾਣੀ ਦੇ ਪੱਧਰ ਵਿੱਚ ਗਿਰਾਵਟ ਦਿਨੋ ਦਿਨ ਵਧਦੀ ਜਾ ਰਹੀ ਹੈ। ਇਸ ਲਈ ਅਜੋਕੇ ਸਮੇਂ ਵਿੱਚ ਕੁਦਰਤੀ ਸਰੋਤਾਂ ਦਾ ਸੰਤੁਲਨ ਬਣਾਈ ਰੱਖਣ ਲਈ .ਫਲਦਾਰ ਪੌਦੇ ਲਗਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਹੈ। ਪੰਜਾਬ ਖੇਤੀਬਾੜੀ ਯੂਨਵਿਰਸਿਟੀ ਲੁਧਿਆਣਾ ਵਲੋਂ ਸਮੇਂ-ਸਮੇਂ ਤੇਂ ਕਿਸਾਨਾ ਦੀ ਆਮਦਨੀ ਚ ਵਾਧਾ ਕਰਨ ਸੰਬੰਧੀ ਅਤੇ ਵਾਤਾਵਰਣ ਸਰੋਤਾਂ ਨੂੰ ਬਚਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ ।

ਪੰਜਾਬ ਖੇਤੀਬਾੜੀ ਯੂਨਵਿਰਸਿਟੀ ਅਤੇ ਉਸਦੇ ਖੇਤਰੀ ਖੋਜ ਕੇਂਦਰ ਸੂਬੇ ਵਿੱਚ .ਫਲਾਂ ਦੀ ਕਾਸ਼ਤ ਨੂੰ ਪਰਫੁਲਿਤ ਕਰਨ ਲਈ ਭਰਭੂਰ ਯੋਗਦਾਨ ਪਾ ਰਹੇ ਹਨ । ਪੰਜਾਬ ਵਿੱਚ .ਫਲਾਂ ਦੀ ਕਾਸ਼ਤ ਹੇਠ ਕੁਲ 93616 ਹੈਕਟੇਅਰ ਰਕਬਾ ਹੈ, ਇਸ ਵਿੱਚੋਂ ਮੁਖ ਤੌਰ ਉੱਪਰ ਨਿੰਬੂ ਜਾਤੀ ਹੇਠ 50168 ਹੈਕਟੇਅਰ ਰਕਬਾ ਹੈ ।

ਪੰਜਾਬ ਖੇਤੀਬਾੜੀ ਯੂਨਵਿਰਸਿਟੀ ਵੱਲੋਂ ਨਿੰਬੂ ਜਾਤੀ ਦੇ .ਫਲਦਾਰ ਬੂਟਿਆਂ ਦੀ ਨਰਸਰੀ ਲਈ ਸਮੇਂ-ਸਮੇਂ ਉਪਰ ਬਹੁਤ ਸਾਰੇ ਉਪਰਾਲੇ ਕੀਤੇ ਗਏ ਹਨ, ਜਿਨਾਂ ਵਿੱਚ ਇੱਕ ਹੈ ਜਲੰਧਰ ਪਠਾਨਕੋਟ ਹਾਈਵੇਅ ਉੱਪਰ ਸਥਿਤ .ਫਲ ਖੋਜ਼ ਕੇਂਦਰ ਜੱਲੋਵਾਲ, ਜਿਸਦੀ ਦੇਖ ਰੇਖ ਜੂਨ 2012 ਤੋਂ ਪੰਜਾਬ ਖੇਤੀਬਾੜੀ ਯੂਨਵਿਰਸਿਟੀ ਵਲੋਂ ਕੀਤੀ ਜਾ ਰਹੀ ਹੈ । ਇਸ ਕੇਂਦਰ ਵਿਖੇ .ਫਲਦਾਰ ਬੂਟਿਆਂ ਦਾ ਵੱਡੇ ਪੱਧਰ ਉੱਪਰ ਨਰਸਰੀ ਉਤਪਾਦਨ ਕੀਤਾ ਜਾਂਦਾ ਹੈ । ਜਿਸ ਵਿੱਚ ਵਿਸ਼ੇਸ਼ ਤੌਰ ਤੇ ਨਿੰਬੂ ਜਾਤੀ ਦੇ ਸਮੂਹ ਜਿਵੇਂ ਕਿ ਸੰਤਰਾ, ਮਾਲਟਾ, ਗਰੇਪ ਫਰੂਟ, ਕਾਗਜੀ ਅਤੇ ਬਾਰਾਮਾਸੀ ਨਿੰਬੂ ਤੇ ਵਿਸ਼ੇਸ਼ ਧਿਆਨ ਦੇ ਕੇ ਬਿਮਾਰੀ ਰਹਿਤ ਨਰਸਰੀ ਪੌਦੇ ਤਿਆਰ ਕਰਨ ਲਈ ਹਾਈਟੈਕ ਅਤੇ ਵਿਗਿਆਨਕ ਪਹੁੰਚ ਤੇ ਕੰਮ ਕੀਤਾ ਜਾ ਰਿਹਾ ਹੈ । ਇਥੇ ਨਿੰਬੂ ਜਾਤੀ ਦੀ ਨਰਸਰੀ 100% ਕੰਟੇਨਰਾਈਜ਼ਡ ਢੰਗ ਨਾਲ, ਭਾਵ ਲਿਫਾਫਿਆਂ ਜਾਂ ਪਲਾਸਟਿਕ ਦੀਆਂ ਥੈਲੀਆਂ ਵਿੱਚ ਤਿਆਰ ਕੀਤੀ ਜਾਂਦੀ ਹੈ । .ਫਲ ਖੋਜ਼ ਕੇਂਦਰ ਜੱਲੋਵਾਲ ਵਿਖੇ ਬਿਮਾਰੀ ਰਹਿਤ ਨਰਸਰੀ ਉਤਪਾਦਨ ਲਈ ਜੜ-ਮੁੱਢ ਦੇ ਬੂਟਿਆਂ ਲਈ ਗਰੀਨ ਹਾਊਸ ਅਤੇ ਪਿਉਂਦੀ ਅੱਖਾਂ ਲੈਣ ਲਈ ਮਾਂ ਪੌਦਿਆਂ ਲਈ ਜਾਲੀਦਾਰ ਘਰ ਵਿਚ ਮਦਰ ਬਲਾਕ ਸਥਾਪਿਤ ਕੀਤੇ ਗਏ ਹਨ ।

ਫਲ ਖੋਜ਼ ਕੇਂਦਰ ਵਿਖੇ ਯੂਨੀਵਰਸਿਟੀ ਵੱਲੋਂ ਸ਼ਿਫਾਰਿਸ਼ ਕੀਤੀਆਂ ਜੜ- ਮੁੱਢ ਦੀਆਂ ਕਿਸਮਾਂ ਨੂੰ ਪ੍ਰੋਟਰੇਜ਼ (ਕੁੱਪੀਆਂ) ਵਿੱਚ ਜੀਵਾਣੂ ਰਹਿਤ ਮਿਸ਼ਰਣ ਨਾਲ ਤਿਆਰ ਕੀਤਾ ਜਾਂਦਾ ਹੈ । ਜੜ-ਮੁੱਢ ਦੀ ਬਿਜ਼ਾਈ ਤੋਂ ਪਿਉਂਦ ਕਰਨ ਦਾ ਸਾਰਾ ਕੰਮ ਬੜੇ ਹੀ ਤਕਨੀਕੀ ਢੰਗ ਨਾਲ ਵੱਖ-ਵੱਖ ਢਾਂਚਿਆਂ ਅੰਦਰ ਸੰਚਾਲਿਤ ਕੀਤਾ ਜਾਂਦਾ ਹੈ । ਇਸ ਕੇਂਦਰ ਵਿਖੇ ਜੜ-ਮੁੱਢ ਉੱਪਰ ਪਿਉਂਦ ਕਰਨ ਦੇ ਸੁਚੱਜੇ ਢੰਗ ਤਰੀਕੇ ਅਤੇ ਨਵੀਆਂ ਤਕਨੀਕਾਂ ਦੀ ਵਰਤੋਂ ਕੀਤੀ ਜਾਂਦੀ ਹੈ, ਤਾਂ ਕਿ ਵਧੀਆ ਕਿਸਮ ਦੇ ਨਿਰੋਏ ਬੂਟੇ ਤਿਆਰ ਹੋ ਸਕਣ ।

ਇਸ ਕੇਂਦਰ ਵਿਚ ਨਿੰਬੂ ਜਾਤੀ ਦੇ ਨਾਲ-ਨਾਲ ਅਨਾਰ, ਅਲੂਚਾ, ਅੰਜੀਰ ਅਤੇ ਅੰਬ ਦੇ ਬੂਟੇ ਵੀ ਤਿਆਰ ਕੀਤੇ ਜਾਂਦੇ ਹਨ । ਸੂਬੇ ਦੇ ਵੱਖ-ਵੱਖ ਜਿਲਿਆਂ ਤੋਂ ਕਿਸਾਨ ਇਥੇ ਪਹੁੰਚ ਕਰਕੇ ਤਿਆਰ ਬੂਟੇ ਪ੍ਰਾਪਤ ਕਰਦੇ ਹਨ । ਪੰਜਾਬ ਦੇ ਨਾਲ-ਨਾਲ ਬਾਹਰੀ ਸੂਬਿਆਂ, ਜਿਵੇਂ ਜੰਮੂ-ਕਸ਼ਮੀਰ,ਹਰਿਆਣਾ,ਹਿਮਾਚਲ,ਰਾਜ਼ਸਥਾਨ,ਮਹਾਂਰਾਸ਼ਟਰ ਦੇ ਕਿਸਾਨ ਵੀ ਇਸ ਕੇਂਦਰ ਵਿਖੇ ਪਹੁੰਚ ਕਰਕੇ ਵਪਾਰਕ ਪੱਧਰ ਤੇ .ਫਲਦਾਰ ਬੂਟੇ ਲੈ ਕੇ ਜਾਂਦੇ ਹਨ । ਇਸ ਕੇਂਦਰ ਦੇ ਬੂਟੇ ਨੀਲਗਿਰੀ ਪਹਾੜਾਂ ਵਿੱਚ ਵੀ ਵਪਾਰਕ ਪੱਧਰ ਉਪਰ ਲਗਾਉਣ ਲਈ ਉਪਲੱਭ ਦਕਰਵਾਏ ਗਏ ਹਨ।

ਨਰਸਰੀ ਉਤਪਾਦਨ ਤੋਂ ਇਲਾਵਾ ਖੋਜ਼ ਕੇਂਦਰ ਵਲੋਂ ਬਾਗਵਾਨਾਂ ਨੂੰ ਤਕਨੀਕੀ ਜਾਣਕਾਰੀ ਮੁਹਈਆ ਵੀ ਕਰਵਾਈ ਜਾਂਦੀ ਹੈ । ਇਸ ਦੇ ਨਾਲ-ਨਾਲ ਕੇਂਦਰ ਵਿੱਚ ਉਚੇਰੀ ਸਿੱਖਿਆ ਲਈ ਐਮ.ਐਸ. ਸੀ. ਅਤੇ ਪੀ.ਐਚ.ਡੀ. ਦੇ ਵਿਦਿਆਰਥੀ ਵੱਖ-ਵੱਖ ਵਿਸ਼ਿਆਂ ਉੱਪਰ ਆਪਣੀ ਖੋਜ਼ ਕਰਦੇ ਹਨ । ਇਸ ਕੇਂਦਰ ਦੇ ਲਾਭ ਨਾਲ ਸੂਬੇ ਦੇ ਕਿਸਾਨਾ ਦੇ ਨਾਲ-ਨਾਲ ਬਾਹਰੀ ਸੂਬਿਆਂ ਦੇ ਬਾਗਬਾਨ ਵੀ .ਫਲਦਾਰ ਕਿਸਮਾ ਦੀ ਕਾਸ਼ਤ ਵੱਲ ਉਤਸ਼ਾਹਿਤ ਹੋ ਰਹੇ ਹਨ ।

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਸੋਚੋ ਤੇ ਵਿਚਾਰੋ

ਗਲਤ ਢੰਗ ਨਾਲ ਕਮਾਇਆ ਪੈਸਾ ਅਤੇ ਅਹੁਦੇ ਦੀ ਦੁਰਵਰਤੋਂ ਕੁੱਝ ਸਮੇਂ ਤੱਕ ਤਾਂ ਲੋਕਾਂ ਤੇ ਦਬਾਅ ਪਾ ਸਕਦੇ ਹਨ।ਪਰ ਅਖੀਰ ਕੁਦਰਤ ਫੈਸਲਾ ਕਰਨ ਲਈ ਵਹੀ ਖਾਤਾ ਖੋਲ੍ਹ ਹੀ ਲੈਂਦੀ ਹੈ।ਅਸਲ ਵਿੱਚ ਮਾਹੌਲ ਵਧੀਆ ਹੋਵੇ ਅਤੇ ਅਮਨ ਕਨੂੰਨ ਦੀ ਸਥਿਤੀ ਸਹੀ ਹੋਵੇ ਤਾਂ ਕਿਸੇ ਨੂੰ ਗੰਨਮੈਨ ਲੈਣ ਜਾਂ ਸਕਿਉਰਟੀ ਦੀ ਜ਼ਰੂਰਤ ਹੀ ਨਾ ਹੋਵੇ।ਅਫਸਰ,ਸਿਆਸਤਦਾਨ ਅਤੇ ਕੁੱਝ ਹੋਰ ਲੋਕ ਤਾਂ ਸੁਰੱਖਿਅਤ ਹੋ ਗਏ। ਪਰ ਜਿਹੜੀ ਬਹੁਗਿਣਤੀ ਟੈਕਸ ਦੇ ਰੂਪ ਵਿੱਚ ਸਰਕਾਰ ਦੇ ਖਜ਼ਾਨਾ ਭਰਦੇ ਹਨ, ਉਨ੍ਹਾਂ ਦੀ ਸੁਰੱਖਿਆ ਵੀ ਯਕੀਨੀ ਹੋਣੀ ਚਾਹੀਦੀ ਹੈ। ਜਦੋਂ ਕਦੇ ਕਿਸੇ ਪੁਲਿਸ ਵਾਲੇ ਤੇ ਹਮਲਾ ਹੁੰਦਾ ਹੈ ਤਾਂ ਇਹ ਬਹੁਤ ਗੰਭੀਰ ਸੰਕੇਤ ਹੁੰਦੇ ਹਨ।ਸਿਆਣੇ ਕਹਿੰਦੇ ਨੇ ਦੂਸਰੇ ਲਈ ਖਾਈ ਪੁੱਟੋ ਤਾਂ ਕੁਦਰਤ ਸਾਡੇ ਲਈ ਖੂਹ ਤਿਆਰ ਕਰਦੀ ਹੈ।ਬੇਕਸੂਰ ਨੂੰ ਤੰਗ ਪ੍ਰੇਸ਼ਾਨ ਕਰਕੇ,ਰਿਸ਼ਵਤ ਲੈਣ ਦਾ ਰਾਹ ਸਿੱਧਾ ਕੀਤਾ ਜਾਂਦਾ,ਉਹ ਰਸਤਾ ਬਰਬਾਦੀ ਦਾ ਹੁੰਦਾ ਹੈ।ਰਿਸ਼ਵਤ ਦੇ ਨਾਲ ਬਦਦੁਆਵਾਂ ਵੀ ਹੁੰਦੀਆਂ ਹਨ।ਰਿਸ਼ਵਤ ਅਤੇ ਗਲਤ ਢੰਗ ਨਾਲ ਕਮਾਇਆ ਪੈਸਾ ਕੁੱਝ ਸਮੇਂ ਲਈ ਤਾਂ ਵਧੀਆ ਜ਼ਿੰਦਗੀ ਦਿੰਦਾ ਹੈ,ਪਰ ਇਸਦੇ ਅਖੀਰ ਵਿੱਚ ਨਤੀਜੇ ਭਿਆਨਕ ਹੀ ਨਿਕਲਦੇ ਹਨ।


ਜੇਕਰ ਸਹੀ ਤਰੀਕੇ ਨਾਲ ਸਿਸਟਮ ਚੱਲਦਾ ਰਹਿੰਦਾ ਤਾਂ ਅੱਜ ਬੱਚਿਆਂ ਨੂੰ ਵਿਦੇਸ਼ਾਂ ਵਿੱਚ ਇਕੱਲਤਾ ਨਾ ਭੋਗਣੀ ਪੈਂਦੀ ਅਤੇ ਬਜ਼ੁਰਗ ਘਰਾਂ ਵਿੱਚ ਨਾ ਰੁੱਲਦੇ।ਸਿਆਣੇ ਕਹਿੰਦੇ ਨੇ "ਜੈਸਾ ਖਾਈਏ ਅੰਨ ਵੈਸਾ ਹੋਵੇ ਮਨ"। ਜਦੋਂ ਰਿਸ਼ਵਤ ਦਾ ਪੈਸਾ ਆਉਂਦਾ ਹੈ ਤਾਂ ਖਰਚਾ ਵੀ ਖੁਲ੍ਹ ਕੇ ਅਤੇ ਬੇਹਿਸਾਬ ਕੀਤਾ ਜਾਂਦਾ ਹੈ।ਬਹੁਤ ਵਾਰ ਬੱਚੇ ਕੁਰਾਹੇ ਪੈ ਜਾਂਦੇ ਹਨ। ਅਹੁਦਿਆਂ ਦੀ ਦੁਰਵਰਤੋਂ ਕਰਨ ਵਾਲੇ ਲੋਕਾਂ ਲਈ ਕੰਡੇ ਨਹੀਂ ਬੀਜਦੀ,ਸਗੋਂ ਕਰਨ ਵਾਲੇ ਆਪਣੇ ਲਈ ਮੁਸੀਬਤਾਂ ਸਹੇੜਦੇ ਹਨ।ਜਦੋਂ ਵਿਗੜੇ ਮਾਹੌਲ ਦੀ ਅੱਗ ਫੈਲਦੀ ਹੈ ਤਾਂ ਉਹ ਕਿਸੇ ਦੀ ਵੀ ਦਲਹੀਜ਼ ਟੱਪ ਲੈਂਦੀ ਹੈ।ਇਸ ਵਕਤ ਹਰ ਬੰਦਾ ਮਾਨਸਿਕ ਤੌਰ ਤੇ ਪ੍ਰੇਸ਼ਾਨ ਹੈ ਕਿਉਂਕਿ ਸਿਸਟਮ ਦੀਆਂ ਚੂਲਾਂ ਹਿਲੀਆਂ ਹੋਈਆਂ ਹਨ।ਸਰਕਾਰਾਂ ਨੂੰ ਇਸ ਪਾਸੇ ਬੇਹੱਦ ਗੰਭੀਰ ਹੋਣਾ ਚਾਹੀਦਾ ਹੈ ਅਤੇ ਲੋਕਾਂ ਦੀ ਹੋ ਰਹੀ ਖੱਜਲ ਖੁਆਰੀ ਖਤਮ ਕਰਨੀ ਚਾਹੀਦੀ ਹੈ।ਜਿਹੜੇ ਆਪਣੇ ਅਹੁਦਿਆਂ ਦੀ ਗਲਤ ਵਰਤੋਂ ਕਰਦੇ ਹਨ,ਉਨ੍ਹਾਂ ਤੇ ਸਖਤ ਕਾਰਵਾਈ ਕਰਨੀ ਚਾਹੀਦੀ ਹੈ।ਹਾਂ,ਜਿਹੜੇ ਅਜਿਹਾ ਕਰ ਰਹੇ ਹਨ, ਅੱਜ ਤਾਂ ਰੱਬ ਨੂੰ ਟੱਬ ਕਹਿ ਰਹੇ ਹਨ,ਪਰ ਰੱਬ ਦੀ ਲਾਠੀ ਵਿੱਚ ਆਵਾਜ਼ ਨਹੀਂ ਹੁੰਦੀ,ਸੱਟ ਬਹੁਤ ਵੱਡੀ ਮਾਰਦੀ ਹੈ।



ਪ੍ਰਭਜੋਤ ਕੌਰ ਢਿੱਲੋਂ ਮੋਹਾਲੀ,
+919815030221

# ਦੇਸ਼ ਦਾ ਵਿਲੱਖਣ 'ਰੇਲਵੇ ਹਸਪਤਾਲ'

-ਵਿਜੈ ਗਰਗ-



ਭਾਰਤੀ ਰੇਲਵੇ ਦੇਸ਼ ਦੇ ਦੂਰ-ਦੁਰਾਡੇ ਖੇਤਰਾਂ ਵਿੱਚ ਰੇਲ ਰਾਹੀਂ ਡਾਕਟਰੀ ਸਹੂਲਤਾਂ ਪ੍ਰਦਾਨ ਕਰਨ ਦੇ ਸੰਕਲਪ ਨੂੰ ਸਾਕਾਰ ਕਰਨ ਵਾਲੀ ਦੁਨੀਆ ਵਿੱਚ ਪਹਿਲੀ ਸੀ। 16 ਜੁਲਾਈ 1991 ਨੂੰ ਰੇਲ ਮੰਤਰਾਲੇ ਦੁਆਰਾ ਕੇਂਦਰੀ ਸਿਹਤ ਮੰਤਰਾਲੇ ਅਤੇ ਇਮਪੈਕਟ ਇੰਡੀਆ ਫਾਊਂਡੇਸ਼ਨ ਦੇ ਸਹਿਯੋਗ ਨਾਲ ਛਤਰਪਤੀ ਸ਼ਿਵਾਜੀ ਟਰਮੀਨਸ, ਮੁੰਬਈ ਤੋਂ 'ਲਾਈਫਲਾਈਨ ਐਕਸਪ੍ਰੈਸ' ਸ਼ੁਰੂ ਕੀਤੀ ਗਈ ਸੀ। ਪਿਛਲੇ ਤਿੰਨ ਦਹਾਕਿਆਂ ਤੋਂ, ਇਹ ਰੇਲਵੇ, ਆਪਣੇ ਨਾਮ ਦੇ ਅਨੁਸਾਰ, ਪੇਂਡੂ ਭਾਰਤ ਦੀ ਸਿਹਤ ਨੂੰ ਸੁਧਾਰਨ ਵਿੱਚ ਲੱਗਾ ਹੋਇਆ ਹੈ। ਰੇਲ ਦੁਆਰਾ ਇੱਕ ਆਧੁਨਿਕ ਹਸਪਤਾਲਲੋੜਵੰਦਾਂ ਤੱਕ ਪਹੁੰਚ ਕਰਨ ਦਾ ਇਹ ਪ੍ਰਯੋਗ ਬੇਹੱਦ ਸਫਲ ਰਿਹਾ ਹੈ। ਹੁਣ ਤੱਕ ਲਗਭਗ 10 ਲੱਖ ਗਰੀਬ ਲੋਕ ਮੁਫਤ ਇਲਾਜ ਦਾ ਲਾਭ ਲੈ ਚੁੱਕੇ ਹਨ।

ਇਹ ਸਿਹਤ ਸਹੂਲਤਾਂ ਦੇ ਵਿਕੇਂਦਰੀਕਰਣ ਦੀ ਇੱਕ ਉੱਘੜਵੀਂ ਮਿਸਾਲ ਹੈ। ਇਹ ਰੇਲਵੇ ਪਟੜੀਆਂ ਦੇ ਵਿਚਕਾਰ ਚੱਲਦਾ ਇੱਕ ਸੱਤ ਡੱਬਿਆਂ ਵਾਲਾ ਮੁਫਤ ਹਸਪਤਾਲ ਹੈ, ਜੋ ਉੱਚ ਸਿਖਲਾਈ ਪ੍ਰਾਪਤ ਡਾਕਟਰਾਂ ਅਤੇ ਨਰਸਾਂ, ਜ਼ਰੂਰੀ ਦਵਾਈਆਂ ਅਤੇ ਅਤਿ-ਆਧੁਨਿਕ ਉਪਕਰਨਾਂ ਨਾਲ ਲੈਸ ਹੈ। ਇਸ ਰਾਹੀਂ ਲੋਕਾਂ ਨੂੰ ਮੁਫਤ, ਪ੍ਰਭਾਵਸ਼ਾਲੀ ਅਤੇ ਤੁਰੰਤ ਇਲਾਜ ਦੇ ਨਾਲ-ਨਾਲ ਸਿਹਤ ਸਿੱਖਿਆ ਅਤੇ ਟੀਕਾਕਰਨ ਵੀ ਮੁਹੱਈਆ ਕਰਵ-ਾਇਆ ਜਾਂਦਾ ਹੈ। ਇਹ ਟਰੇਨ ਦੇਸ਼ ਦੇ ਵੱਖ-ਵੱਖ ਹਿੱਸਿਆਂ ਦਾ ਦੌਰਾ ਕਰਦੀ ਹੈਅਤੇ 21 ਤੋਂ 25 ਦਿਨਾਂ ਲਈ ਹਰੇਕ ਸਥਾਨ 'ਤੇ ਰਹਿੰਦਾ ਹੈ। ਰੇਲ ਗੱਡੀ ਦੇ ਕਿਸੇ ਸਟੇਸ਼ਨ 'ਤੇ ਪਹੁੰਚਣ ਤੋਂ ਪਹਿਲਾਂ ਹੀ ਰੇਲਵੇ ਹਸਪਤਾਲ ਬਾਰੇ ਖ਼ਬਰ ਫੈਲ ਜਾਂਦੀ ਹੈ। ਲੋਕਾਂ ਨੂੰ ਨਜ਼ਦੀਕੀ ਕਮਿਊਨਿਟੀ ਵੈਲਫੇਅਰ ਸੈਂਟਰ ਜਾਂ ਪ੍ਰਾਇਮਰੀ ਹੈਲਥ ਸੈਂਟਰ ਵਿਖੇ ਰਜਿਸਟਰ ਕਰਨ ਦੀ ਅਪੀਲ ਕੀਤੀ ਜਾਂਦੀ ਹੈ। ਰੇਲਗੱਡੀ ਦੇ ਆਉਣ 'ਤੇ ਲੋੜ ਅਨੁਸਾਰ ਆਮ ਇਲਾਜ ਤੋਂ ਲੈ ਕੇ ਸਰਜਰੀ ਤੱਕ ਮੁਫਤ ਸਹੂਲਤਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਇਹ ਉਹਨਾਂ ਲਈ ਵਧੇਰੇ ਫਾਇਦੇਮੰਦ ਹੈ ਜੋ ਮਹਿੰਗਾ ਇਲਾਜ ਨਹੀਂ ਕਰਵਾ ਸਕਦੇ। ਆਈਆਰਸੀਟੀਸੀ ਦੇ ਅਨੁਸਾਰ, ਲਾਈਫਲਾਈਨ ਐਕਸਪ੍ਰੈਸ ਨੇ ਹੁਣ ਤੱਕ ਭਾਰਤ ਵਿੱਚ 19 ਯਾਤਰੀਆਂ ਦੀ ਸੇਵਾ ਕੀਤੀ ਹੈ।138 ਜ਼ਿਲ੍ਹਿਆਂ ਵਿੱਚ 201 ਪੇਂਡੂ ਸਥਾਨਾਂ ਨੂੰ ਕਵਰ ਕਰਦੇ ਹੋਏ, ਰਾਜਾਂ ਵਿੱਚ ਯਾਤਰਾ ਕੀਤੀ। ਦੂਰ-ਦੁਰਾਡੇ, ਅਪਹੁੰਚ ਖੇਤਰਾਂ ਵਿੱਚ ਡਾਕਟਰੀ ਸਹਾਇਤਾ ਪ੍ਰਦਾਨ ਕਰਨ ਦੇ ਨਾਲ, ਇਸ ਰੇਲਗੱਡੀ ਦੀ ਵਰਤੋਂ ਐਮਰਜੈਂਸੀ ਸਥਿਤੀਆਂ ਵਿੱਚ ਰਾਹਤ ਕਾਰਜ ਪ੍ਰਦਾਨ ਕਰਨ ਵਿੱਚ ਵੀ ਕੀਤੀ ਜਾਂਦੀ ਹੈ। 'ਲਾਈਫਲਾਈਨ ਐਕਸਪ੍ਰੈਸ' ਨੇ ਜਨਤਕ ਸੇਵਾ ਵਿੱਚ ਉੱਤਮਤਾ ਲਈ ਸੰਯੁਕਤ ਰਾਸ਼ਟਰ ਦੇ ਗ੍ਰੈਂਡ ਅਵਾਰਡ ਸਮੇਤ ਕਈ ਸਨਮਾਨ ਪ੍ਰਾਪਤ ਕੀਤੇ ਹਨ। 2009 ਵਿੱਚ, ਭਾਰਤ ਸਰਕਾਰ ਨੇ ਇੱਕ ਰਾਸ਼ਟਰੀ ਯਾਦਗਾਰੀ ਡਾਕ ਟਿਕਟ ਜਾਰੀ ਕਰਕੇ ਲਾਈਫਲਾਈਨ ਐਕਸਪ੍ਰੈਸ ਲਈ ਰੇਲਵੇ ਮੰਤਰਾਲੇ ਨੂੰ ਸਨਮਾਨਿਤ ਵੀ ਕੀਤਾ। ਦੱਖਣੀ ਅਫਰੀਕਾ ਅਤੇ ਚੀਨ ਵਿੱਚਲਾਈਫਲਾਈਨ ਐਕਸਪ੍ਰੈਸ ਵਰਗੇ ਪ੍ਰਯੋਗ ਵੀ ਕੀਤੇ ਜਾ ਚੁੱਕੇ ਹਨ। ਭਾਰਤੀ ਰੇਲਵੇ ਨਾ ਸਿਰਫ਼ ਆਪਣੇ ਨਾਗਰਿਕਾਂ ਨੂੰ ਸਸਤੀ ਆਵਾਜਾਈ ਦੀਆਂ ਸਹੂਲਤਾਂ ਪ੍ਰਦਾਨ ਕਰਦਾ ਹੈ, ਸਗੋਂ ਸਮਾਜ ਸੇਵਾ ਦੇ ਕੰਮਾਂ ਵਿੱਚ ਵੀ ਸਰਗਰਮੀ ਨਾਲ ਹਿੱਸਾ ਲੈਂਦਾ ਹੈ। ਲਾਈਫਲਾਈਨ ਐਕਸਪ੍ਰੈਸ ਦੇ ਜ਼ਰੀਏ, ਇਹ ਦੇਸ਼ ਦੀ ਜਨਤਕ ਸਿਹਤ ਪ੍ਰਣਾਲੀ ਨੂੰ ਬਿਹਤਰ ਬਣਾਉਣ ਵਿੱਚ ਲੱਗੀ ਹੋਈ ਹੈ।

# ਜਲੰਧਰ ਸਮਾਰਟ ਸਿਟੀ ਭ੍ਰਿਸ਼ਟਾਚਾਰ ਘੁਟਾਲੇ ਤੇ ਆਪ ਸਰਕਾਰ ਨੇ ਚਲਾਕੀ ਨਾਲ ਪਰਦਾ ਪਾਇਆ: ਜੈਵੀਰ ਸ਼ੇਰਗਿੱਲ

*** ਜਲੰਧਰ ਸਮਾਰਟ ਸਿਟੀ ਪ੍ਰੋਜੈਕਟ 'ਚ ਘੁਟਾਲੇ ਦੀ ਜਾਂਚ ਸੀ.ਬੀ.ਆਈ ਤੋਂ ਕਰਵਾਈ ਜਾਵੇ: ਭਾਜਪਾ**

*** ਜਲੰਧਰ ਸਮਾਰਟ ਸਿਟੀ ਪ੍ਰੋਜੈਕਟ ਲਈ ਮਨਜ਼ੂਰ ਫੰਡਾਂ ਨੂੰ ਲੁੱਟਣ ਲਈ ਆਪ ਅਤੇ ਕਾਂਗਰਸ ਨੇ ਗਠਜੋੜ ਕੀਤਾ**



ਜਲੰਧਰ, 4 ਜਨਵਰੀ (ਗਿਆਨ ਸਿੰਘ): ਭਾਜਪਾ ਦੇ ਕੌਮੀ ਬੁਲਾਰੇ ਜੈਵੀਰ ਸ਼ੇਰਗਿੱਲ ਨੇ ਕੇਂਦਰੀ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੂੰ ਨਿਮਰਤਾ ਸਹਿਤ ਬੇਨਤੀ ਕੀਤੀ ਹੈ ਕਿ ਉਹ ਸਮਾਰਟ ਸਿਟੀ ਪ੍ਰਾਜੈਕਟ ਲਈ ਜਲੰਧਰ ਨਗਰ ਨਿਗਮ ਨੂੰ ਭੇਜੇ ਕੇਂਦਰੀ ਫੰਡਾਂ ਦੀ ਦੁਰਵਰਤੋਂ ਦੀ ਸੀਬੀਆਈ ਜਾਂਚ ਦੇ ਹੁਕਮ ਦੇਣ। ਇੱਥੇ ਜਾਰੀ ਇੱਕ ਬਿਆਨ ਵਿੱਚ ਸ਼ੇਰਗਿੱਲ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਸਰਕਾਰ ਰਾਹੀਂ ਜਲੰਧਰ ਨਗਰ ਨਿਗਮ ਨੂੰ 1000 ਕਰੋੜ ਰੁਪਏ ਦੀ ਵੱਡੀ ਗਰਾਂਟ ਭੇਜੀ ਗਈ ਸੀ, ਪਰ ਨਗਰ ਨਿਗਮ ਦੇ ਕੁਝ ਅਧਿਕਾਰੀਆਂ, ਠੇਕੇਦਾਰਾਂ ਅਤੇ ਸਿਆਸਤਦਾਨਾਂ ਦੀ ਮਿਲੀਭੁਗਤ ਕਾਰਨ ਇਸ ਫੰਡ ਵੱਡੇ ਪੱਧਰ 'ਤੇ ਗਬਨ ਹੋਇਆ ਹੈ। ਉਨ੍ਹਾਂ ਕਿਹਾ ਕਿ ਸੀਬੀਆਈ ਦੀ ਜਾਂਚ ਹੀ ਇਸ ਵੱਡੇ ਭ੍ਰਿਸ਼ਟਾਚਾਰ ਘੁਟਾਲੇ ਵਿੱਚ ਸ਼ਾਮਲ ਦੋਸ਼ੀਆਂ ਨੂੰ ਸਜ਼ਾ ਦਿਵਾ ਸਕਦੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ, ਸ਼ੇਰਗਿੱਲ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸਮਾਰਟ ਸਿਟੀ ਪ੍ਰੋਜੈਕਟ ਤਹਿਤ ਸ਼ਹਿਰ ਨੂੰ ਕੂੜੇ ਦੀ ਸਮੱਸਿਆ ਨੂੰ ਸਥਾਈ ਤੌਰ 'ਤੇ ਹੱਲ ਕਰਨ ਦੇ ਨਾਲ-ਨਾਲ ਸਾਫ਼ ਪਾਣੀ, ਸ਼ਾਨਦਾਰ ਸੜਕਾਂ, ਚੰਗੀਆਂ ਸਟਰੀਟ ਲਾਈਟਾਂ ਅਤੇ ਵਧੀਆ ਸੀਵਰੇਜ ਸਿਸਟਮ ਸਮੇਤ ਬੇਹਤਰੀਨ ਨਾਗਰਿਕ ਸੁਵਿਧਾਵਾਂ ਪ੍ਰਦਾਨ ਕਰਨ ਦਾ ਟੀਚਾ ਰੱਖਿਆ ਗਿਆ ਹੈ ਅਤੇ ਇਸ ਲਈ ਜਲੰਧਰ ਨਗਰ ਨਿਗਮ ਨੂੰ 1000 ਕਰੋੜ ਰੁਪਏ ਦੀ ਗ੍ਰਾਂਟ ਦਿੱਤੀ ਗਈ ਸੀ। ਪਰ ਨਗਰ ਨਿਗਮ ਦੇ ਅਧਿਕਾਰੀਆਂ ਅਤੇ ਸਿਆਸੀ ਪਾਰਟੀਆਂ ਦੇ ਆਗੂਆਂ ਦੀ ਮਿਲੀਭੁਗਤ ਨਾਲ ਠੇਕੇਦਾਰਾਂ ਨੇ ਸਮਾਰਟ ਸਿਟੀ ਪ੍ਰਾਜੈਕਟ ਵਿੱਚ ਵਧੀਆ ਕੁਆਲਿਟੀ ਦਾ ਮਟੀਰੀਅਲ ਵਰਤਣ ਦਾ ਭਰੋਸਾ ਦੇ ਕੇ ਵੱਧ ਰੇਟਾਂ 'ਤੇ ਟੈਂਡਰ ਪੇਸ਼ ਕੀਤੇ। ਜਦੋਂ ਕਿ ਟੈਂਡਰ ਹੋਣ ਤੋਂ ਬਾਅਦ ਠੇਕੇਦਾਰਾਂ ਨੇ ਇਨ੍ਹਾਂ ਪ੍ਰਾਜੈਕਟਾਂ ਵਿੱਚ ਬਹੁਤ ਹੀ ਘਟੀਆ ਕੁਆਲਿਟੀ ਦਾ ਮਟੀਰੀਅਲ ਵਰਤਿਆ ਅਤੇ ਨਗਰ ਕੌਂਸਲ ਦੇ ਅਧਿਕਾਰੀਆਂ ਅਤੇ ਸਿਆਸਤਦਾਨਾਂ ਦੀ ਮਿਲੀਭੁਗਤ ਨਾਲ ਨਾਜਾਇਜ਼ ਢੰਗ ਨਾਲ ਮੋਟੀ ਕਮਾਈ ਕੀਤੀ। ਇਹ ਕੇਂਦਰ ਸਰਕਾਰ ਦੇ ਫੰਡਾਂ ਦੇ ਗਬਨ ਦਾ ਸਪੱਸ਼ਟ ਮਾਮਲਾ ਹੈ। ਇਸ ਤੋਂ ਇਲਾਵਾ, ਇਸ ਪ੍ਰਾਜੈਕਟ ਦੇ ਸਾਰੇ ਟੈਂਡਰ ਸਿਆਸਤਦਾਨਾਂ ਵੱਲੋਂ ਨਗਰ ਨਿਗਮ ਦੇ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਆਪਣੇ ਚਹੇਤੇ ਠੇਕੇਦਾਰਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਉਨ੍ਹਾਂ ਦੇ ਨਾਂ 'ਤੇ ਕੰਪਨੀਆਂ ਬਣਾ ਕੇ ਦਿੱਤੇ ਗਏ, ਜੋ ਸਪੱਸ਼ਟ ਤੌਰ 'ਤੇ ਵੱਡੇ ਘਪਲੇ ਵੱਲ ਇਸ਼ਾਰਾ ਕਰਦਾ ਹੈ।

ਭਾਜਪਾ ਬੁਲਾਰੇ ਨੇ ਕਿਹਾ ਕਿ ਹੈਰਾਨੀ ਵਾਲੀ ਗੱਲ ਹੈ ਕਿ ਆਪ ਸਰਕਾਰ ਦੇ ਆਗੂ ਲਗਾਤਾਰ ਇਹ ਗੱਲ ਦੁਹਰਾਉਂਦੇ ਰਹਿੰਦੇ ਹਨ ਕਿ ਉਹ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟੋਲਰੈਂਸ ਦੀ ਨੀਤੀ ਅਪਣਾਏਗੀ ਅਤੇ ਪੰਜਾਬ ਦੀ ਪਿਛਲੀ ਕਾਂਗਰਸ ਸਰਕਾਰ ਦੇ ਆਗੂਆਂ ਵੱਲੋਂ ਕੀਤੇ ਭ੍ਰਿਸ਼ਟਾਚਾਰ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਪਰ ਜਲੰਧਰ ਸਮਾਰਟ ਸਿਟੀ ਪ੍ਰੋਜੈਕਟ ਫੰਡ ਭ੍ਰਿਸ਼ਟਾਚਾਰ ਘੁਟਾਲੇ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਲਈ ਕੁਝ ਨਹੀਂ ਕੀਤਾ ਗਿਆ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਇਹ ਬਿਲਕੁੱਲ ਸਪੱਸ਼ਟ ਹੈ ਕਿ ਕਾਂਗਰਸੀ ਅਤੇ ਆਪ ਆਗੂ, ਜਲੰਧਰ ਨਗਰ ਨਿਗਮ ਦੇ ਅਧਿਕਾਰੀ, ਠੇਕੇਦਾਰ ਅਤੇ ਕੁਝ ਸੇਵਾ-ਮੁਕਤ ਸਿਵਲ ਅਧਿਕਾਰੀ, ਜਿਨ੍ਹਾਂ ਨੂੰ ਸਮਾਰਟ ਸਿਟੀ ਪ੍ਰਾਜੈਕਟ ਲਈ ਗੈਰ-ਕਾਨੂੰਨੀ ਤੌਰ 'ਤੇ ਨਿਯੁਕਤ ਕੀਤਾ ਗਿਆ, ਇਸ ਪੂਰੇ ਘਪਲੇ 'ਚ ਸ਼ਾਮਲ ਹਨ।

ਇਸ ਦੌਰਾਨ ਭਾਜਪਾ ਆਗੂ ਨੇ ਆਪਣੇ ਦਾਅਵੇ ਨੂੰ ਜ਼ੋਰਦਾਰ ਢੰਗ ਨਾਲ ਪੇਸ਼ ਕਰਦਿਆਂ ਕਿਹਾ ਕਿ ਭਾਵੇਂ ਪੰਜਾਬ ਸਰਕਾਰ ਦੇ ਵਿਜੀਲੈਂਸ ਵਿਭਾਗ ਨੇ ਪਿਛਲੇ ਦੋ ਸਾਲਾਂ ਦੌਰਾਨ ਜਲੰਧਰ ਨਗਰ ਨਿਗਮ ਦੇ ਵੱਖ-ਵੱਖ ਪ੍ਰਾਜੈਕਟਾਂ ਦੀਆਂ 64 ਦੇ ਕਰੀਬ ਫਾਈਲਾਂ ਜ਼ਬਤ ਕੀਤੀਆਂ ਹਨ, ਪਰ ਜਲੰਧਰ ਸਮਾਰਟ ਸਿਟੀ ਪ੍ਰਾਜੈਕਟ ਮੈਗਾ ਭ੍ਰਿਸ਼ਟਾਚਾਰ ਦੇ ਘੁਟਾਲੇ ਵਿਚ ਕਿਸੇ ਵੀ ਦੋਸ਼ੀ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ ਹੈ ਅਤੇ ਨਾ ਹੀ ਸਬੰਧਤ ਕਾਨੂੰਨ ਤਹਿਤ ਕੋਈ ਕੇਸ ਦਰਜ ਕੀਤਾ ਗਿਆ ਹੈ, ਜਿਸ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਇਸ ਵੱਡੇ ਭ੍ਰਿਸ਼ਟਾਚਾਰ ਘੁਟਾਲੇ ਦੇ ਮੁਲਜ਼ਮਾਂ ਅਤੇ ਆਪ ਸਰਕਾਰ ਦੀ ਆਪਸੀ ਸਾਂਝ ਹੈ।

ਸ਼ੇਰਗਿੱਲ ਨੇ ਇਹ ਵੀ ਕਿਹਾ ਕਿ ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਜਲੰਧਰ ਦੇ ਵਸਨੀਕ ਹਨ ਅਤੇ ਭ੍ਰਿਸ਼ਟਾਚਾਰ ਵਿਰੁੱਧ ਵੱਡੇ-ਵੱਡੇ ਦਾਅਵੇ ਕਰਦੇ ਸਨ, ਪਰ ਹੁਣ ਉਹ ਇੰਨੇ ਵੱਡੇ ਮੁੱਦੇ 'ਤੇ ਪੂਰੀ ਤਰ੍ਹਾਂ ਚੁੱਪ ਹਨ। ਸ਼ੇਰਗਿੱਲ ਨੇ ਕਿਹਾ ਕਿ ਖਾਸ ਤੌਰ 'ਤੇ ਪਿਛਲੀ ਕਾਂਗਰਸ ਸਰਕਾਰ ਅਤੇ ਮੌਜੂਦਾ ਆਪ ਸਰਕਾਰ ਨੂੰ ਜਲੰਧਰ ਨਗਰ ਨਿਗਮ 'ਚ ਫੈਲੇ ਭ੍ਰਿਸ਼ਟਾਚਾਰ ਤੋਂ ਜਾਣੂ ਕਰਵਾਉਣ ਲਈ ਮੀਡੀਆ ਨੇ ਵੀ ਸਮੇਂ-ਸਮੇਂ 'ਤੇ ਇਸ ਮੁੱਦੇ ਨੂੰ ਉਭਾਰਿਆ ਹੈ ਪਰ ਕੋਈ ਫਾਇਦਾ ਨਹੀਂ ਹੋਇਆ। ਇਹ ਮੁੱਦਾ ਜਲੰਧਰ ਨਗਰ ਨਿਗਮ ਹਾਊਸ ਵਿੱਚ ਵੀ ਉਠਾਇਆ ਗਿਆ ਸੀ।

ਇਨ੍ਹਾਂ ਹਾਲਾਤਾਂ ਦੇ ਮੱਦੇਨਜ਼ਰ ਉਹ ਕੇਂਦਰੀ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੂੰ ਨਿਮਰਤਾ ਸਹਿਤ ਬੇਨਤੀ ਕਰਦੇ ਹਨ ਕਿ ਉਹ ਇਸ ਵੱਡੇ ਭ੍ਰਿਸ਼ਟਾਚਾਰ ਘੁਟਾਲੇ ਦੀ ਸੀ.ਬੀ.ਆਈ ਜਾਂਚ ਦੇ ਹੁਕਮ ਦੇਣ, ਤਾਂ ਜੋ ਦੋਸ਼ੀਆਂ ਨੂੰ ਸਜ਼ਾਵਾਂ ਮਿਲ ਸਕਣ ਅਤੇ ਕੇਂਦਰੀ ਫੰਡਾਂ ਦਾ ਇੱਕ-ਇੱਕ ਪੈਸਾ ਭ੍ਰਿਸ਼ਟਾਚਾਰ ਮੁਕਤ ਸਥਾਈ ਵਿਕਾਸ ਲਈ ਵਰਤਿਆ ਜਾ ਸਕੇ।

# ਪੰਜਾਬ ਸਰਕਾਰ ਨੇ ਮਾਘੀ ਮੇਲੇ ਦੌਰਾਨ ਘੋੜਿਆਂ ਸਬੰਧੀ ਗਤੀਵਿਧੀਆਂ ਨੂੰ ਦਿੱਤੀ ਪ੍ਰਵਾਨਗੀ

**ਸ੍ਰੀ ਮੁਕਤਸਰ ਸਾਹਿਬ ਵਿਖੇ ਲੱਗਣ ਵਾਲੇ ਪਸ਼ੂਧਨ ਮੇਲੇ ਵਿਚ ਹੁਸ਼ਿਆਰਪੁਰ ਨੂੰ ਛੱਡ ਕੇ ਸੂਬੇ ਭਰ ਦੇ ਘੋੜਾ ਮਾਲਕ ਹਿੱਸਾ ਲੈ ਸਕਦੇ ਹਨ : ਗੁਰਮੀਤ ਸਿੰਘ ਖੁੱਡੀਆਂ**

ਚੰਡੀਗੜ੍ਹ, 4 ਜਨਵਰੀ (ਗਿਆਨ ਸਿੰਘ): ਸੂਬੇ ਦੇ ਘੋੜਾ ਮਾਲਕਾਂ ਅਤੇ ਬਰੀਡਰਾਂ ਨੂੰ ਵੱਡੀ ਖੁਸ਼ਖਬਰੀ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅੱਜ ਸ੍ਰੀ ਮੁਕਤਸਰ ਸਾਹਿਬ ਵਿਖੇ ਲੱਗਣ ਵਾਲੇ ਮਾਘੀ ਮੇਲੇ ਦੌਰਾਨ 9 ਤੋਂ 16 ਜਨਵਰੀ ਤੱਕ ਚੱਲਣ ਵਾਲੇ ਪਸ਼ੂਧਨ ਮੇਲੇ ਵਿੱਚ ਘੋੜਿਆਂ ਸਬੰਧੀ ਗਤੀਵਿਧੀਆਂ ਨੂੰ ਪ੍ਰਵਾਨਗੀ ਦੇ ਦਿੱਤੀ ਹੈ।

ਜ਼ਿਕਰਯੋਗ ਹੈ ਕਿ ਤੇਜ਼ੀ ਨਾਲ ਫੈਲਣ ਵਾਲੀ ਇਸ ਜ਼ੂਨੋਟਿਕ ਗਲੈਂਡਰਜ਼ ਬਿਮਾਰੀ ਨੂੰ ਰੋਕਣ ਅਤੇ ਨੈਸ਼ਨਲ ਐਕਸ਼ਨ ਪਲਾਨ ਫ਼ਾਰ ਗਲੈਂਡਰਜ਼ (ਭਾਰਤ ਸਰਕਾਰ) ਦੇ ਦਿਸ਼ਾ-ਨਿਰਦੇਸ਼ਾਂ ਨੂੰ ਧਿਆਨ ਵਿਚ ਰੱਖਦਿਆਂ ਪੰਜਾਬ ਸਰਕਾਰ ਨੇ ਮਈ 2023 ਵਿੱਚ ਘੋੜਿਆਂ ਸਬੰਧੀ ਗਤੀਵਿਧੀਆਂ 'ਤੇ ਪਾਬੰਦੀ ਲਗਾ ਦਿੱਤੀ ਸੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਅੰਮ੍ਰਿਤਸਰ, ਬਠਿੰਡਾ, ਲੁਧਿਆਣਾ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਤੋਂ ਘੋੜਿਆਂ ਵਿੱਚ ਗਲੈਂਡਰਜ਼ ਬਿਮਾਰੀ ਫੈਲਣ ਦੀਆਂ ਰਿਪੋਰਟਾਂ ਮਿਲੀਆਂ ਸਨ, ਜਿਸ ਕਾਰਨ ਸੂਬਾ ਸਰਕਾਰ ਨੇ ਘੋੜਿਆਂ ਸਬੰਧੀ ਗਤੀਵਿਧੀਆਂ 'ਤੇ ਪਾਬੰਦੀ ਲਗਾ ਦਿੱਤੀ ਸੀ।



ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ, ਬਠਿੰਡਾ ਅਤੇ ਲੁਧਿਆਣਾ ਜ਼ਿਲ੍ਹਿਆਂ ਵਿੱਚ ਨਿਗਰਾਨੀ ਦੌਰਾਨ ਗਲੈਂਡਰਜ਼ ਦਾ ਕੋਈ ਵੀ ਕੇਸ ਪਾਜ਼ੇਟਿਵ ਨਹੀਂ ਆਇਆ ਹੈ, ਜਿਸ ਕਾਰਨ ਸੂਬਾ ਸਰਕਾਰ ਨੇ ਇਹ ਪਾਬੰਦੀ ਹਟਾਉਣ ਦਾ ਫ਼ੈਸਲਾ ਕੀਤਾ ਹੈ। ਇਸ ਨਾਲ ਘੋੜਾ ਮਾਲਕਾਂ ਨੂੰ ਮਾਘੀ ਮੇਲੇ ਦੌਰਾਨ ਪਸ਼ੂਧਨ ਮੇਲੇ ਵਿੱਚ ਹਿੱਸਾ ਲੈਣ ਦੀ ਆਗਿਆ ਦਿੱਤੀ ਗਈ ਹੈ। ਉਹਨਾਂ ਅੱਗੇ ਕਿਹਾ ਕਿ ਹੁਸ਼ਿਆਰਪੁਰ ਦੇ ਘੋੜੇ ਇਸ ਮੇਲੇ ਵਿੱਚ ਹਿੱਸਾ ਨਹੀਂ ਲੈ ਸਕਦੇ ਹਨ ਕਿਉਂਕਿ ਉੱਥੇ ਅਜੇ ਟੈਸਟਿੰਗ ਚੱਲ ਰਹੀ ਹੈ।

ਖੁੱਡੀਆਂ ਨੇ ਦੱਸਿਆ ਕਿ ਚਾਹਵਾਨ ਮਾਲਕਾਂ ਨੂੰ ਹਿੱਸਾ ਲੈ ਰਹੇ ਘੋੜਿਆਂ ਦੀ ਐਨ.ਆਰ.ਡੀ.ਡੀ.ਐਲ. ਜਲੰਧਰ ਜਾਂ ਐਨ.ਆਰ.ਸੀ.ਈ. ਹਿਸਾਰ ਜਾਂ ਸੂਬੇ ਦੁਆਰਾ ਪ੍ਰਵਾਨਿਤ ਡਾਇਗਨੌਸਟਿਕ ਲੈਬ ਤੋਂ ਗਲੈਂਡਰਜ਼ ਟੈਸਟਿੰਗ ਦੀ ਨੈਗੇਟਿਵ ਰਿਪੋਰਟ ਲਿਆਉਣਾ ਯਕੀਨੀ ਬਣਾਉਣਾ ਹੋਵ-ੇਗਾ ਅਤੇ ਇਹ ਰਿਪੋਰਟ 30 ਦਿਨਾਂ ਤੋਂ ਵੱਧ ਪੁਰਾਣੀ ਨਹੀਂ ਹੋਣੀ ਚਾਹੀਦੀ।

ਉਨ੍ਹਾਂ ਦੱਸਿਆ ਕਿ ਹਿੱਸਾ ਲੈਣ ਵਾਲੇ ਘੋੜਿਆਂ ਦੇ ਸਾਰੇ ਮਾਲਕਾਂ ਨੂੰ ਸਬੰਧਤ ਜ਼ਲ੍ਹਿ ਦੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਦੁਆਰਾ ਤਸਦੀਕਸ਼ੁਦਾ "ਅੰਡਰਟੇਕਿੰਗ" ਲੈ ਕੇ ਆਉਣੀ ਹੋਵੇਗੀ। ਉਨ੍ਹਾਂ ਅੱਗੇ ਕਿਹਾ ਕਿ ਮੇਲੇ ਵਾਲੇ ਸਥਾਨ 'ਤੇ ਘੋੜਿਆਂ ਦੀ ਐਂਟਰੀ ਤੋਂ ਪਹਿਲਾਂ ਇਸ ਅੰਡਰਟੇਕਿੰਗ ਦੀ ਜਾਂਚ ਐਨ.ਆਰ.ਡੀ.ਡੀ.ਐਲ., ਜਲੰਧਰ ਅਤੇ ਸਕ੍ਰੀਨਿੰਗ ਕਮੇਟੀ ਦੁਆਰਾ ਕੀਤੀ

# ਪੰਜਾਬ ਸਰਕਾਰ ਸਕੂਲਾਂ 'ਚ ਅਧਿਆਪਕ ਤੇ ਹਸਪਤਾਲਾਂ 'ਚ ਡਾਕਟਰ ਤੇ ਨਰਸਾਂ ਦੇਣ ਲਈ ਵਚਨਬੱਧ : ਕੁਲਵੰਤ ਸਿੰਘ ਮੋਹਾਲੀ

**ਗੋਬਿੰਦਗੜ੍ਹ ਦੇ ਸਰਕਾਰੀ ਸਕੂਲ ਦੇ 3.70 ਕਰੋੜ ਦੀ ਲਾਗਤ ਨਾਲ ਬਣੇ 24 ਕਮਰੇ ਵਿਦਿਆਰਥੀਆਂ ਨੂੰ ਅਰਪਣ ਕੀਤੇ**





ਮੋਹਾਲੀ, 4 ਜਨਵਰੀ (ਗਿਆਨ ਸਿੰਘ): ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਸਕੂਲਾਂ 'ਚ ਅਧਿਆਪਕ ਅਤੇ ਹਸਪਤਾਲਾਂ 'ਚ ਡਾਕਟਰ ਤੇ ਨਰਸਾਂ ਦੀਆਂ ਖਾਲੀ ਅਸਾਮੀਆਂ ਨੂੰ ਭਰਨ ਲਈ ਵਚਨਬੱਧ ਹੈ। ਇਸੇ ਵਚਨਬੱਧਤਾ ਤਹਿਤ ਸੂਬੇ 'ਚ ਹੁਣ ਤੱਕ 40 ਹਜ਼ਾਰ ਤੋਂ ਵਧੇਰੇ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ। ਇਹ ਪ੍ਰਗਟਾਵਾ ਐਮ ਐਲ ਏ ਸ. ਕੁਲਵੰਤ ਸਿੰਘ ਮੋਹਾਲੀ ਨੇ ਅੱਜ ਸਨੇਟਾ ਨੇੜੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਗੜ੍ਹ 'ਚ ਨਵੇਂ ਬਣੇ 24 ਕਮਰਿਆਂ ਨੂੰ ਵਿਦਿਆਰਥੀਆਂ ਨੂੰ ਲੋਕ ਅਰਪਣ ਕਰਨ ਮੌਕੇ ਕੀਤਾ। ਇਨ੍ਹਾਂ ਕਮਰਿਆਂ ਦੇ ਨਿਰਮਾਣ 'ਤੇ 3.70 ਕਰੋੜ ਰੁਪਏ ਦੀ ਲਾਗਤ ਆਈ ਹੈ। ਉਨ੍ਹਾਂ ਨੇ ਸਕੂਲ ਦੀ ਇਮਾਰਤ ਉਸਾਰੀ ਲਈ ਉਚੇਚੇ ਤੌਰ 'ਤੇ ਪਿੰਡ ਦੀ ਗਰਾਮ ਪੰਚਾਇਤ ਅਤੇ ਸਕੂਲ ਸਟਾਫ਼ ਦਾ ਧੰਨਵਾਦ ਪ੍ਰਗਟਾਇਆ ਜਿਨ੍ਹਾਂ ਨੇ ਵਿਦਿਆਰਥੀਆਂ ਦੀ ਲੋੜ ਨੂੰ ਮਹਿਸੂਸ ਕਰਦਿਆਂ ਸਰਕਾਰ ਪਾਸੋਂ ਪ੍ਰਾਪਤ ਗਰਾਂਟ ਨੂੰ ਪੂਰੀ ਸੁਹਿਰਦਤਾ ਨਾਲ ਸਕੂਲ ਦੀ ਇਮਾਰਤ ਲਈ ਵਰਤਿਆ। ਐਮ ਐਲ ਏ ਕੁਲ-ਵੰਤ ਸਿੰਘ ਨੇ ਪੰਜਾਬ ਦੇ ਮੁੱਖ ਮੰਤਰੀ . ਭਗਵੰਤ ਸਿੰਘ ਮਾਨ ਦੀ ਪੰਜਾਬ ਦੀ ਖੁਸ਼ਹਾਲੀ ਅਤੇ ਤਰੱਕੀ ਪ੍ਰਤੀ ਵਚਨਬੱਧਤਾ ਦਾ ਹਵਾਲਾ ਦਿੰਦਿਆਂ ਕਿਹਾ ਕਿ ਪੰਜਾਬ ਦੇ ਹਰੇਕ ਹਲਕੇ 'ਚ ਮਿਸਾਲੀ ਸਿਖਿਆ ਸੁਧਾਰ ਵਜੋਂ ਸਕੂਲ ਆਫ਼ ਐਮੀਨੈਂਸ ਦੀ ਕਾਇਮੀ ਅਤੇ ਵੱਖ-ਵੱਖ ਥਾਂਵਾਂ 'ਤੇ ਲੋਕਾਂ ਨੂੰ ਬੇਹਤਰੀਨ ਸਿਹਤ ਸੇਵਾਵਾਂ ਦੇਣ ਦੇ ਮੁਢਲੇ ਢਾਂਚੇ ਵਜੋਂ 650 ਤੋਂ ਵਧੇਰੇ ਆਮ ਆਦਮੀ ਕਲੀਨਿਕਾਂ ਦੀ ਸ਼ੁਰੂਆਤ ਪੰਜਾਬ 'ਚ ਲੋਕ ਪੱਖੀ ਸਰਕਾਰ ਦਾ ਸਭ ਤੋਂ ਵੱਡਾ ਉਪਰਾਲਾ ਹੈ।

ਉਨ੍ਹਾਂ ਗੋਬਿੰਦਗੜ੍ਹ ਦੇ ਇਸ ਸਕੂਲ ਨੂੰ ਸਕੂਲ ਆਫ਼ ਐਮੀਨੈਂਸ ਬਣਵਾਉਣ ਅਤੇ ਇੱਥੇ ਸਾਇੰਸ ਅਤੇ ਕਾਮਰਸ ਵਿਸ਼ਿਆਂ ਦੀ ਪੜ੍ਹਾਈ ਸ਼ੁਰੂ ਕਰਵਾਉਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਇਸ ਨਾਲ ਆਲੇ-ਦੁਆਲੇ ਦੇ 15 ਪਿੰਡਾਂ ਦੇ ਵਿਦਿਆਰਥੀਆਂ ਨੂੰ ਮਿਆਰੀ ਸਿਖਿਆ ਉਪਲਬਧ ਹੋਵੇਗੀ। ਐਮ ਐਲ ਏ ਕੁਲਵੰਤ ਸਿੰਘ ਮੋਹਾਲੀ ਨੇ ਕਿਹਾ ਕਿ ਪੰਜਾਬ ਦੇ ਇਤਿਹਾਸ 'ਚ ਪਹਿਲੀ ਵਾਰ ਹੋਇਆ ਹੈ ਕਿ ਸਕੂਲ ਮੁਖੀਆਂ ਨੂੰ ਸਿਖਿਆ ਸੰਸਥਾਂਵਾਂ 'ਚ ਪੇਸ਼ੇਵਰ ਪਹੁੰਚ ਲਿਆਉਣ ਅਤੇ ਸੁਧਾਰ ਹਿੱਤ ਸਿੰਘਾਪੁਰ ਅਤੇ ਆਈ ਆਈ ਐਮ ਅਹਿਮਦਾਬਾਦ ਵਿਸ਼ੇਸ਼ ਸਿਖਲਾਈ ਲਈ ਭੇਜਿਆ ਗਿਆ।

ਉਨ੍ਹਾਂ ਕਿਹਾ ਕਿ ਇਸ ਸਕੂਲ ਦੀ ਪ੍ਰਿੰਸੀਪਲ ਸੰਧਿਆ ਸ਼ਰਮਾ ਅਤੇ ਜ਼ਿਲ੍ਹੇ ਦੇ ਡਿਪਟੀ ਡੀ ਈ ਓ ਅੰਗਰੇਜ ਸਿੰਘ ਖੁਦ ਅਧਿਆਪਕਾਂ ਦੇ ਇਨ੍ਹਾਂ ਵਫ਼ਦਾਂ ਦਾ ਹਿੱਸਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਇੱਕੋ-ਇੱਕ ਏਜੰਡਾ ਸਰਕਾਰੀ ਸਕੂਲਾਂ ਦੇ ਬੱਚਿਆਂ 'ਚ ਸੰਸਾਰ ਪੱਧਰੀ ਸਵੈ-ਵਿਸ਼ਵਾਸ਼ ਪੈਦਾ ਕਰਕੇ ਉਨ੍ਹਾਂ ਨੂੰ ਦੁਨੀਆਂ ਅਤੇ ਦੇਸ਼ ਦੀ ਹਰ ਇੱਕ ਪ੍ਰਤੀਯੋਗਿਤਾ 'ਚ ਹਿੱਸਾ ਲੈ ਕੇ ਉਸ 'ਚ ਕਾਮਯਾਬੀ ਹਾਸਲ ਕਰਨ ਦੇ ਯੋਗ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਜਿਨ੍ਹਾਂ ਸੁਫ਼ਨਿਆਂ ਤੇ ਆਸਾਂ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਬਣਾਈ, ਉਨ੍ਹਾਂ ਸਾਰੇ ਸੁਫ਼ਨਿਆਂ ਨੂੰ ਹੌਲੀ-ਹੌਲੀ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਦੇ ਹਰ ਇੱਕ ਸੁਫ਼ਨੇ ਅਤੇ ਉਨ੍ਹਾਂ ਨੂੰ ਦਿੱਤੀ ਹਰ ਇੱਕ ਗਾਰੰਟੀ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੈਰਿਟ 'ਤੇ ਮਿਲਦੀਆਂ ਨੌਕਰੀਆਂ ਇਸ ਗੱਲ ਦਾ ਪ੍ਰਮਾਣ ਹਨ ਕਿ ਪੰਜਾਬ 'ਚ ਸੁਹਿਰਦ ਅਤੇ ਲੋਕ ਹਿੱਤੂ ਸਰਕਾਰ ਸਥਾਪਿਤ ਹੋਈ ਹੈ।

ਜ਼ਿਕਰਯੋਗ ਹੈ ਕਿ ਪਿੰਡ ਗੋਬਿੰਦਗੜ੍ਹ ਦੇ ਵਿੱਚ ਚਾਰ ਏਕੜ ਰਕਬੇ ਦੇ ਵਿੱਚ ਦੋ ਮੰਜ਼ਲਿਾਂ 24 ਕਮਰਿਆਂ ਤੇ ਅਧਾਰਤ ਸਕੂਲ ਦੀ ਇਮਾਰਤ ਦਾ ਨਿਰਮਾਣ ਕੀਤਾ ਗਿਆ, ਜਿਸ ਵਿੱਚ ਸਾਇੰਸ ਅਤੇ ਕੰਪਿਊਟਰ ਦੀ ਆਧੁਨਿਕ ਲੈਬ ਤੋਂ ਇਲਾਵਾ ਲਾਇਬਰੇਰੀ ਦਾ ਵੀ ਉਚੇਚੇ ਤੌਰ ਤੇ ਪ੍ਰਬੰਧ ਕੀਤਾ ਗਿਆ ਹੈ। ਇਸ ਇਮ-ਾਰਤ ਤੇ 3.7 ਕਰੋੜ ਰੁਪਏ ਦੀ ਲਾਗਤ ਆਈ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਦੀਪ ਸਿੰਘ ਸਮਾਣਾ, ਜ਼ਲਿਾ ਸਿੱਖਿਆ ਅਫਸਰ ਡਾ. ਗਿਨੀ ਦੁੱਗਲ, ਡਿਪਟੀ ਡੀ. ਈ. ਓ - ਅੰਗਰੇਜ਼ ਸਿੰਘ, ਪ੍ਰਿੰਸੀਪਲ ਸੰਧਿਆ ਸ਼ਰਮਾ,ਬੀ.ਡੀ.ਪੀ.ਓ ਧਨਵੰਤ ਸਿੰਘ ਰੰਧਾਵਾ,ਰਾਮ ਈਸ਼ਰ - ਗੋਬਿੰਦਗੜ, ਜਗਜੀਤ ਸਿੰਘ ਗੋਬਿੰਦਗੜ , ਜਸਵਿੰਦਰ ਸਿੰਘ ਜੈਲੀ, ਗੁਰਸੇਵਕ ਪੱਤਾ ਇਸ਼ਰਾ ਪੁਰੀ,ਪਵਨ ਪੁਰੀ, ਗੁਰਮੇਲ ਚੋਧਰੀ, ਬਲਵਿੰਦਰ ਸਿੰਘ, ਸਾਬਕਾ ਕੌਂਸਲਰ ਆਰ.ਪੀ. ਸ਼ਰਮਾ , ਹਰਮੇਸ਼ ਸਿੰਘ ਕੁੰਭੜਾ, ਅਵਤਾਰ ਸਿੰਘ ਮੌਲੀ, ਅਕਵਿੰਦਰ ਸਿੰਘ ਗੋਸਲ, ਮੁਖਤਿਆਰ ਸਿੰਘ, ਸਤਨਾਮ ਸਿੰਘ ਗੀਗੇਮਾਜਰਾ, ਕਰਮਜੀਤ ਸਿੰਘ ਰਾਮਪੁਰ ,ਜਸਵਿੰਦਰ ਸਿੰਘ ਜੈਲੀ, ਜਗਜੀਤ ਸਿੰਘ , ਕਰਮਜੀਤ ਕੁਮਾਰ ਝਿਊਰਹੇੜੀ ਵੀ ਹਾਜ਼ਰ ਸਨ।



# Dr. Randhawa Dentistry

*Your own dentist who really cares for you*

We Provide the following Services:

- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

**Dr. Samreet Kaur Randhawa**
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

**NEW LOCATION**
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

**FIRST LOCATION**
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd
Mcvean Dr
DENTISTRY
Squire Ellis Dr
Gore Rd
Countryside Dr

# Grand Upholstery Ltd

**Sofa Company** Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

**Tel: 905.791.2888 Cell: 647.293.3212**
2053 Williams Pkwy, Unit -45, Brampton | Email: grandupholstery@gmail.com

# URGENTLY NEED NEW LISTINGS IN BRAMPTON/CALEDON

visit: www.teamjagaujla.com

ADVERTISEMENT GUARANTEED TILL SOLD

**JAG AUJLA**
MCNE, REAL ESTATE BROKER
**416-371-7777**
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

## RECENTLY LISTED IN YOUR NEIGHBOURHOOD

**Brampton Ontario (Dir/Cross St:Kennedy/Bovaird)**

ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਸੋਹਣਾ ਜਿਹਾ ਘਰ, 3 ਬੈਡਰੂਮ ਅਤੇ 4 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ, 1+1 ਕਿਚਨ, ਮੇਨ ਅਤੇ ਦੂਜੀ ਮੰਜ਼ਲ ਦੇ ਫਲੋਰ ਲੈਮੀਨੇਟਡ ਹਨ, ਮਾਸਟਰ ਬੈਡਰੂਮ ਵਿਚ 4 ਪੀਸੀ ਇਨਸੂਟ ਅਤੇ ਵਾਕਿੰਗ ਕਲੋਜ਼ਟ, ਚਾਰਦਿਵਾਰੀ ਦੇ ਨਾਲ ਯਾਰਡ, ਅਤੇ ਹੋਰ ਵੀ ਬਹੁਤ ਕੁੱਝ।

**Brampton Ontario (Dir/Cross St:The Gore/Castlemore/Gardenbrok)**

ਖੂਬਸੂਰਤ ਡਿਟੈਚਡ ਘਰ, ਜਿਸ ਵਿਚ 4+2 ਬੈਡਰੂਮ + ਲੌਫਟ + 5 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ ਅਲੱਗ ਇੰਟਰੈਂਸ ਦੇ ਨਾਲ, 1+1 ਕਿਚਨ, ਸਾਰੇ ਬੈਡਰੂਮਜ਼ ਵਿਚ ਲੈਮੀਨੇਟਡ ਫਲੋਰ, ਪ੍ਰਾਇਮਰੀ ਬੈਡਰੂਮ ਵਿਚ 5 ਪੀਸੀ ਇਨਸੂਟ ਅਤੇ ਵਾਕ ਇਨ ਕਲੋਜ਼ਟ, ਦੋ ਮਾਸਟਰ ਬੈਡਰੂਮ, ਪਾਠ/ਪੂਜਾ ਲਈ ਸਥਾਨ ਅਤੇ ਹੋਰ ਵੀ ਬਹੁਤ ਕੁੱਝ।

**Caledon Ontario (Dir/Cross St:Mayfield/ Mclaughlin/Tweedhill)**

ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

**Brampton Ontario (Dir/Cross St:Bramalea/Father Tobin /Fernfor)**

ਰੈਂਪਟਨ ਵਿਚ 3000-3500 ਸਕੁਏਅਰ ਫੁੱਟ ਦਾ ਸੋਹਣਾ ਜਿਹਾ 3 ਸਟੋਰੀ ਡਿਟੈਚਟਡ ਘਰ, ਬਰੈਮਲੀ/ਫਾਦਰ ਟੌਬਿਨ/ਫਰਨਫੌਰ ਇੰਟਰਸੈਕਸ਼ਨ ਉਤੇ ਸਥਿਤ, 5+1 ਬੈਡਰੂਮਜ਼ + 5 ਵਾਸ਼ਰੂਮਜ਼, 2 ਫੇਮਿਲੀ ਰੂਮ ਅਤੇ 2 ਮਾਸਟਰ ਬੈਡਰੂਮਜ਼ ਦੇ ਨਾਲ, ਉਪਰਲੇ ਫਲੋਰ ਦੇ ਸਾਰੇ ਬੈਡਰੂਮਜ਼ ਲੈਮੀਨੇਟਡ, ਕੁਆਰਟਸ ਸੀ ਟਾਪ ਦੇ ਨਾਲ ਸੁੰਦਰ ਕਿਚਨ, ਗੈਰਾਜ ਤੋਂ ਡੋਰ ਐਂਟਰੀ, ਅੰਦਰ ਅਤੇ ਬਾਹਰ ਪੌਟ ਲਾਈਟਾਂ ਲੱਗੀਆਂ ਹੋਈਆਂ, ਦੂਸਰੇ ਫਲੋਰ ਉਤੇ ਲਾਊਂਡਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਸਾਊਂਡ ਸਿਸਟਮ ਦੇ ਨਾਲ।

**FREE**

- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

**JAG AUJLA** 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

# afc

**ORDER ONLINE TODAY !!!**
**WWW.ASIANFOODCENTRE.COM**
**FREE PICK UP!!!**
**HOME DELIVERY ALSO AVAILABLE !!!**

ASIAN FOOD CENTRE

# VEGETARIAN FOOD HEALTHY EATING

FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017